SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steeles Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 235 | Monday, December 25, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' *Online*ਰੋਜ਼ਾਨਾ ਪੜ੍ਹ ਸਕਦੇ ਹੋ

## ਟੀਟੀਸੀ ਬੱਸ ਤੇ ਗੱਡੀ ਦਰਮਿਆਨ ਟੱਕਰ ਵਿੱਚ ਤਿੰਨ ਵਿਅਕਤੀ ਹੋਏ ਜ਼ਖ਼ਮੀ



ਸਕਾਰਬਰੋ, 24 ਦਸੰਬਰ (ਪੋਸਟ ਬਿਊਰੋ) : ਕ੍ਰਿਸਮਸ ਤੋਂ ਪਹਿਲਾਂ ਵਾਲੀ ਸ਼ਾਮ ਨੂੰ ਸਕਾਰਬਰੋ ਵਿੱਚ ਇੱਕ ਗੱਡੀ ਦੇ ਟੀਟੀਸੀ ਬੱਸ ਨਾਲ ਟਕਰਾ ਜਾਣ ਕਾਰਨ ਤਿੰਨ ਵਿਅਕਤੀ ਜ਼ਖ਼ਮੀ ਹੋ ਗਏ। ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ।

ਇਹ ਹਾਦਸਾ ਮਾਰਖਮ ਰੋਡ ਦੇ ਪੱਛਮ ਵੱਲ ਹੈਵਨਵਿਊ ਰੋਡ ਉੱਤੇ ਸ਼ੈਪਰਡ ਐਵਨਿਊ ਈਸਟ ਉੱਤੇ ਸ਼ਾਮੀਂ 5:30 ਵਜੇ ਦੇ ਨੇੜੇ ਤੇੜੇ ਵਾਪਰਿਆ। ਟੋਰਾਂਟੋ ਪੁਲਿਸ ਨੇ ਦੱਸਿਆ ਕਿ ਗੱਡੀ ਦੇ ਡਰਾਈਵਰ ਨੂੰ ਕਾਫੀ ਸੱਟਾਂ ਲੱਗੀਆਂ। ਪੈਰਾਮੈਡਿਕਸ ਸਰਵਿਸਿਜ਼ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਡਰਾਈਵਰ ਗੰਭੀਰ ਰੂਪ ਵਿੱਚ ਜ਼ਖ਼ਮੀ ਸੀ ਪਰ ਉਸ ਦੀ ਹਾਲਤ ਜਾਨਲੇਵਾ ਨਹੀਂ ਸੀ। ਪੁਲਿਸ ਨੇ ਦੱਸਿਆ ਕਿ ਬੱਸ ਵਿੱਚ ਸਵਾਰ ਕਈ ਲੋਕਾਂ ਨੂੰ ਵੀ ਸੱਟਾਂ ਲੱਗੀਆਂ। ਦੋ ਹੋਰ ਮਾਮੂਲੀ ਜ਼ਖ਼ਮੀ ਲੋਕਾਂ ਨੂੰ ਵੀ ਹਸਪਤਾਲ ਲਿਜਾਇਆ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਨਿੱਕੀ ਸੇਡਾਨ ਦੀ ਬੱਸ ਨਾਲ ਆਹਮੋ ਸਾਹਮਣੀ ਟੱਕਰ ਹੋਈ। ਉਸ ਦੇ ਸਾਹਮਣੇ ਵਾਲੇ ਹਿੱਸੇ ਨੂੰ ਕਾਫੀ ਨੁਕਸਾਨ ਪਹੁੰਚਿਆ। ਮਾਰਖਮ ਤੇ ਹੈਵਨਵਿਊ ਰੋਡਜ਼ ਦਰਮਿਆਨ ਸ਼ੈਪਰਡ ਐਵਨਿਊ ਦੀਆਂ ਪੱਛਮ ਵਾਲੀਆਂ ਲੇਨਜ਼ ਨੂੰ ਬੰਦ ਕਰ ਦਿੱਤਾ ਗਿਆ ਹੈ ਤੇ ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਕ੍ਰਿਸਮਸ ਮੌਕੇ ਟਰੂਡੋ ਨੇ ਕੈਨੇਡੀਅਨਜ਼ ਨੂੰ ਮਤਭੇਦ ਭੁਲਾ ਕੇ ਇੱਕ ਦੂਜੇ ਨਾਲ ਰਲ ਕੇ ਰਹਿਣ ਦਾ ਦਿੱਤਾ ਸੁਨੇਹਾ

ਓਟਵਾ, 24 ਦਸੰਬਰ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਕ੍ਰਿਸਮਸ ਮੌਕੇ ਕੈਨੇਡੀਅਨਜ਼ ਨੂੰ ਦਿੱਤੇ ਸੁਨੇਹੇ ਵਿੱਚ ਆਖਿਆ ਹੈ ਕਿ ਇਸ ਕ੍ਰਿਸਮਸ ਸਾਨੂੰ ਆਪਣੇ ਮਤਭੇਦਾਂ ਨੂੰ ਭੁਲਾ ਕੇ ਇੱਕ ਦੂਜੇ ਨਾਲ ਰਲ ਕੇ ਰਹਿਣਾ ਚਾਹੀਦਾ ਹੈ।

ਕ੍ਰਿਸਮਸ ਮੌਕੇ ਦਿੱਤੇ ਆਪਣੇ ਭਾਸ਼ਣ ਵਿੱਚ ਟਰੂਡੋ ਨੇ ਆਖਿਆ ਕਿ ਆਪਣੇ ਗੁਆਂਢੀਆਂ ਨੂੰ ਵੀ ਉਸੇ ਤਰ੍ਹਾਂ ਪਿਆਰ ਕਰੋ ਜਿਵੇਂ ਅਸੀਂ ਖੁਦ ਨਾਲ ਕਰਦੇ ਹਾਂ। ਉਨ੍ਹਾਂ ਇਹ ਵੀ ਆਖਿਆ ਕਿ ਔਖੇ ਵੇਲਿਆਂ ਵਿੱਚੋਂ ਲੰਘ ਰਹੇ ਕੈਨੇਡੀਅਨਜ਼ ਦੀ ਵੀ ਸਾਨੂੰ ਮਦਦ ਕਰਨੀ ਚਾਹੀਦੀ ਹੈ। ਇਸ ਸਾਲ ਜਿਹੜੇ ਇੱਕਲਿਆਂ ਛੁੱਟੀਆਂ ਗੁਜ਼ਾਰ ਰਹੇ ਹਨ ਉਨ੍ਹਾਂ ਨਾਲ ਵੀ ਸਾਨੂੰ ਤਿਓਹਾਰ ਦੇ ਇਸ ਮੌਸਮ ਦਾ ਨਿੱਘ ਸਾਂਝਾ ਕਰਨਾ ਚਾਹੀਦਾ ਹੈ।

ਟਰੂਡੋ ਨੇ ਆਖਿਆ ਕਿ ਯਿਸੂ ਮਸੀਹ ਦੇ ਜਨਮ ਦੀਆਂ ਖੁਸ਼ੀਆਂ ਮਨਾ ਰਹੇ ਕ੍ਰਿਸਚੀਅਨਜ਼ ਨੂੰ ਇਸ ਦੌਰਾਨ ਫਰਾਖਦਿਲੀ, ਰਹਿਮਦਿਲੀ ਤੇ ਆਸ ਵਰਗੀਆਂ ਕਦਰਾਂ ਕੀਮਤਾਂ ਨੂੰ ਵੀ



ਆਪਣੇ ਜੀਵਨ ਵਿੱਚ ਉਤਾਰਨਾ ਚਾਹੀਦਾ ਹੈ। ਟਰੂਡੋ ਨੇ ਮਿਲਟਰੀ ਮੈਂਬਰਜ਼, ਫਰਸਟ ਰਿਸਪਾਂਡਰਜ਼ ਤੇ ਵਾਲੰਟੀਅਰਜ਼ ਦਾ ਉਚੇਚਾ ਧੰਨਵਾਦ ਕਰਦਿਆਂ ਆਖਿਆ ਕਿ ਉਹ ਕਿਸੇ ਹੋਰ ਦੀਆਂ ਛੁੱਟੀਆਂ ਬਿਹਤਰ ਬਣਾਉਣ ਲਈ ਆਪਣਾ ਕੀਮਤੀ ਸਮਾਂ ਦਿੰਦੇ ਹਨ। ਉਨ੍ਹਾਂ ਸਾਰੇ ਕੈਨੇਡੀਅਨਜ਼ ਨੂੰ ਨਵੇਂ ਸਾਲ ਮੌਕੇ ਵੀ ਕਮਿਊਨਿਟੀਜ਼, ਦੇਸ਼ ਤੇ ਦੁਨੀਆਂ ਨੂੰ ਸਾਰਿਆਂ ਲਈ ਬਿਹਤਰ ਬਣਾਉਣ ਦੀ ਅਪੀਲ ਕੀਤੀ।

## ਪੀ. ਵੀ. ਸਿੰਧੂ ਸਾਲ 2023 ਲਈ ਫੋਰਬਸ ਦੀ ਸਭ ਤੋਂ ਵੱਧ ਕਮਾਈ ਕਰਨ ਵਾਲੀ ਮਹਿਲਾ ਅਥਲੀਟਾਂ ਦੀ ਸੂਚੀ ਵਿੱਚ ਸ਼ਾਮਿਲ

ਨਿਊਯਾਰਕ, 24 ਦਸੰਬਰ (ਪੋਸਟ ਬਿਊਰੋ): ਭਾਰਤੀ ਬੈਡਮਿੰਟਨ ਦੀ ਸਟਾਰ ਪੀ. ਵੀ. ਸਿੰਧੂ ਨੇ ਸਾਲ 2023 ਲਈ ਫੋਰਬਸ ਦੀ ਸਭ ਤੋਂ ਵੱਧ ਕਮਾਈ ਕਰਨ ਵਾਲੀ ਮਹਿਲਾ ਅਥਲੀਟਾਂ ਦੀ ਸੂਚੀ ਵਿੱਚ 16ਵਾਂ ਸਥਾਨ ਪ੍ਰਾਪਤ ਕੀਤਾ ਹੈ। ਉਨ੍ਹਾਂ ਨੇ ਵਿਸ਼ਵ ਦੇ ਕੁਲੀਨ ਲੋਕਾਂ ਵਿੱਚ ਆਪਣਾ ਸਥਾਨ ਬਰਕਰਾਰ ਰੱਖਿਆ ਹੈ। ਦੋ ਓਲੰਪਿਕ ਤਗਮੇ ਜਿੱਤਣ ਵਾਲੀ ਸਿੰਧੂ ਸਭ ਤੋਂ ਅਮੀਰ ਮਹਿਲਾ



ਐਥਲੀਟਾਂ ਵਿੱਚੋਂ ਇੱਕ ਬਣੀ ਹੈ। ਫੋਰਬਸ ਦੇ ਅਨੁਸਾਰ, 2023 ਦੇ ਵਿਨਾਸ਼ਕਾਰੀ ਸੀਜ਼ਨ ਦੇ ਬਾਵਜੂਦ, ਵੱਖ-ਵੱਖ ਸੌਦਿਆਂ ਤੋਂ ਉਸਦੀ ਕਮਾਈ ਨੇ ਕੁੱਲ ਯੂ. ਐਸ. ਡੀ. 7.1 ਮਿਲੀਅਨ ਡਾਲਰ ਦੀ ਕਮਾਈ ਵਿੱਚ ਯੋਗਦਾਨ ਪਾਇਆ। ਇਹ ਕਮਾਲ ਦਾ ਕਾਰਨਾਮਾ ਉਸ ਨੂੰ ਸਨਮਾਨਿਤ ਸੂਚੀ ਦੇ ਸਿਖਰ 20 ਵਿੱਚ ਇਕਲੌਤੀ ਭਾਰਤੀ ਹੋਣ ਦੀ ਪ੍ਰਤੀਨਿਧੀ ਬਣੀ ਹੈ।

## ਸਟੌਕਯਾਰਡ ਨੇੜੇ ਅੱਗ ਲੱਗਣ ਕਾਰਨ ਇੱਕ ਵਿਅਕਤੀ ਦੀ ਹੋਈ ਮੌਤ



ਟੋਰਾਂਟੋ, 24 ਦਸੰਬਰ (ਪੋਸਟ ਬਿਊਰੋ) : ਐਤਵਾਰ ਸਵੇਰੇ ਸਟੌਕਯਾਰਡਜ਼ ਨੇੜੇ ਅੱਗ ਲੱਗਣ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ।

ਫਾਇਰ ਕ੍ਰਿਊ ਨੂੰ ਤੜਕੇ 4:08 ਉੱਤੇ ਵੈਸਟਨ ਰੋਡ ਤੇ ਸੇਂਟ ਕਲੇਅਰ ਐਵਨਿਊ ਵੈਸਟ ਨੇੜੇ ਮੈਕਕੌਰਮੈਕ ਸਟਰੀਟ ਉੱਤੇ ਕਈ ਟਰੈਕਟਰ ਟਰੇਲਰਜ਼ ਨੂੰ ਲੱਗੀ ਅੱਗ ਦੀ ਜਾਣਕਾਰੀ ਦੇ ਕੇ ਸੱਦਿਆ ਗਿਆ। ਟੋਰਾਂਟੋ ਫਾਇਰ ਚੀਫ ਮੈਥਿਊ ਪੈੱਗ ਨੇ ਦੱਸਿਆ ਕਿ ਸਰਚ ਤੇ ਰੈਸਕਿਊ ਆਪਰੇਸ਼ਨ ਦੌਰਾਨ ਫਾਇਰਫਾਈਟਰਜ਼ ਨੂੰ ਇੱਕ ਸਟੋਰੇਜ ਟਰੇਲਰ ਦੇ ਅੰਦਰ ਇੱਕ ਵਿਅਕਤੀ ਮਿਲਿਆ।

40 ਸਾਲਾਂ ਦੇ ਇਸ ਵਿਅਕਤੀ ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ। ਪੁਲਿਸ ਤੇ ਫਾਇਰ ਮਾਰਸ਼ਲ ਆਫਿਸ ਵੱਲੋਂ ਅੱਗ ਲੱਗਣ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ।

## ਇਮਰਾਨ ਖਾਨ ਦੀ ਪਾਰਟੀ ਕੋਲੋਂ ਚੋਣ ਨਿਸ਼ਾਨ 'ਬੱਲਾ' ਖੋਹਿਆ

ਇਸਲਾਮਾਬਾਦ, 24 ਦਸੰਬਰ (ਪੋਸਟ ਬਿਊਰੋ): ਇਮਰਾਨ ਖਾਨ ਦੀ ਪਾਰਟੀ ਪਾਕਿਸਤਾਨ ਤਹਿਰੀਕ-ਏ-ਇਨਸਾਫ (ਪੀ ਟੀ ਆਈ) ਤੋਂ ਚੋਣ ਨਿਸ਼ਾਨ 'ਬੱਲਾ' ਚੋਣ ਕਮਿਸ਼ਨ (ਈ ਸੀ ਪੀ) ਨੇ ਖੋਹ ਲਿਆ ਹੈ। 'ਬੈਟ' ਪਾਰਟੀ ਦੇ ਸੰਸਥਾਪਕ ਇਮਰਾਨ ਖਾਨ ਦੇ ਕ੍ਰਿਕਟ ਲਈ ਪਿਆਰ ਨੂੰ ਦਰਸਾਉਂਦਾ ਹੈ। ਮੁੱਖ ਚੋਣ ਕਮਿਸ਼ਨਰ ਸਿਕੰਦਰ ਸੁਲਤਾਨ ਰਾਜਾ ਦੀ ਅਗਵਾਈ ਵਾਲੇ ਪੰਜ ਮੈਂਬਰੀ ਈ ਸੀ ਪੀ ਬੈਂਚ ਨੇ ਫੈਸਲਾ ਸੁਣਾਉਂਦੇ ਹੋਏ ਪੀ ਟੀ ਆਈ ਦੀਆਂ ਅੰਤਰ-ਪਾਰਟੀ ਚੋਣਾਂ ਨੂੰ 'ਗੈਰ-ਕਾਨੂੰਨੀ' ਕਰਾਰ ਦਿੱਤਾ। 11 ਪੰਨਿਆਂ ਦਾ ਇਹ ਹੁਕਮ ਪੀ ਟੀ ਆਈ ਦੇ ਸਾਬਕਾ ਮੈਂਬਰ



ਅਕਬਰ ਐੱਸ ਬਾਬਰ ਦੀ ਪਟੀਸ਼ਨ 'ਤੇ ਦਿੱਤਾ ਗਿਆ, ਜਿਸ ਨੇ ਦਾਅਵਾ ਕੀਤਾ ਸੀ ਕਿ ਪੀ ਟੀ ਆਈ ਨੇ ਨਿਯਮਾਂ ਮੁਤਾ-ਬਕ ਚੋਣਾਂ ਨਹੀਂ ਕਰਵਾਈਆਂ। ਚੋਣ ਕਮਿਸ਼ਨ ਦਾ ਇਹ ਫੈਸਲਾ ਪੀ ਟੀ ਆਈ ਲਈ ਵੱਡਾ ਝਟਕਾ ਹੈ, ਕਿਉਂਕਿ 8 ਫਰਵਰੀ ਨੂੰ ਹੋਣ ਵਾਲੀਆਂ ਚੋਣਾਂ ਦੀਆਂ ਤਿਆਰੀਆਂ ਜ਼ੋਰਾਂ 'ਤੇ ਹਨ। ਇਮਰਾਨ ਪਹਿਲਾਂ ਹੀ ਜੇਲ੍ਹ ਵਿੱਚ ਹਨ ਅਤੇ ਕਈ ਹੋਰ ਵੱਡੇ ਨੇਤਾਵਾਂ ਦੀ ਰਿਹਾਈ ਵੀ ਜਲਦੀ ਹੁੰਦੀ ਨਜ਼ਰ ਨਹੀਂ ਆ ਰਹੀ ਹੈ। ਚੋਣ ਕਮਿਸ਼ਨ ਨੇ ਕਿਹਾ ਕਿ ਪੀ ਟੀ ਆਈ ਨੇ ਸਾਡੀਆਂ ਹਦਾਇਤਾਂ ਦੀ ਪਾਲਣਾ ਨਹੀਂ ਕੀਤੀ ਅਤੇ ਪਾਰਟੀ ਦੇ ਮੌਜੂਦਾ ਸੰਵਿਧਾਨ 2019 ਅਤੇ ਚੋਣ ਐਕਟ 2017 ਦੇ ਅਨੁਸਾਰ ਅੰਤਰ-ਪਾਰਟੀ ਚੋਣਾਂ ਕਰਵਾਉਣ ਵਿੱਚ ਅਸਫਲ ਰਹੀ। ਜੀਓ ਨਿਊਜ਼ ਅਨੁਸਾਰ ਚੋਣਾਂ ਨੂੰ ਗੈਰ-ਕਾਨੂੰਨੀ ਘੋਸ਼ਿਤ ਕੀਤੇ ਜਾਣ ਦੇ ਨਾਲ ਇਮਰਾਨ ਖਾਨ ਤੋਂ ਪਾਰਟੀ ਪ੍ਰਧਾਨ ਦਾ ਅਹੁਦਾ ਸੰਭਾਲਣ ਵਾਲੇ ਬੈਰਿਸਟਰ ਗੌਹਰ ਅਲੀ ਖਾਨ ਹੁਣ ਪਾਰਟੀ ਦੇ ਮੁਖੀ ਨਹੀਂ ਰਹੇ। ਪਾਰਟੀ ਕੋਲ ਹੁਣ ਸਮਾਂ ਵੀ ਘੱਟ ਹੈ, ਕਿਉਂਕਿ ਨਾਮਜ਼ਦਗੀ ਪੱਤਰ ਦਾਖਲ ਕਰਨ ਦੀ ਵਧੀ ਹੋਈ ਸਮਾਂ-ਸੀਮਾ ਐਤਵਾਰ ਨੂੰ ਖਤਮ ਹੋ ਰਹੀ ਹੈ ਅਤੇ ਪਾਰਟੀ ਕੋਲ ਈ ਸੀ ਪੀ ਦੇ ਫੈਸਲੇ ਵਿਰੁੱਧ ਅਦਾਲਤ ਦਾ ਰੁਖ ਕਰਨ ਲਈ ਸਿਰਫ ਇੱਕ ਦਿਨ ਬਚਿਆ ਹੈ

## ਪਾਕਿਸਤਾਨ ਚੋਣ ਕਮਿਸ਼ਨ ਨੇ ਆਮ ਚੋਣਾਂ ਲਈ ਨਾਮਜ਼ਦਗੀਆਂ ਲਈ ਸੀਮਾ ਦੋ ਦਿਨ ਵਧਾਈ

ਲਾਹੌਰ, 24 ਦਸੰਬਰ (ਪੋਸਟ ਬਿਊਰੋ): ਪਾਕਿਸਤਾਨ ਦੇ ਚੋਣ ਕਮਿਸ਼ਨ ਨੇ ਆਮ ਚੋਣਾਂ ਲਈ ਉਮੀਦਵਾਰਾਂ ਲਈ ਨਾਮਜ਼ਦਗੀ ਪੱਤਰ ਦਾਖਲ ਕਰਨ ਦੀ ਸੀਮਾ ਦੋ ਦਿਨਾਂ ਲਈ ਵਧਾ ਦਿੱਤੀ ਹੈ। ਇਸ ਤੋਂ ਪਹਿਲਾਂ ਇਹ ਸਮਾਂ-ਸੀਮਾ ਸ਼ੁੱਕਰਵਾਰ ਖਤਮ ਹੋ ਰਹੀ ਸੀ। ਚੋਣ ਕਮਿਸਨ ਦੇ ਇਸ ਕਦਮ ਨੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਅਤੇ ਨਵਾਜ ਸ਼ਰੀਫ ਨੂੰ ਵਾਧੂ ਸਮਾਂ ਦਿੱਤਾ ਹੈ। ਪਾਕਿਸਤਾਨ ਦੇ ਚੋਣ ਕਮਿਸ਼ਨ ਨੇ ਸ਼ੁੱਕਰਵਾਰ ਇੱਕ ਬਿਆਨ ਵਿੱਚ ਕਿਹਾ ਕਿ ਸਿਆਸੀ ਪਾਰਟੀਆਂ ਅਤੇ ਉਮੀਦਵਾਰਾਂ ਦੀ ਸਹੂਲਤ ਲਈ ਨਾਮਜ਼ਦਗੀ ਪੱਤਰ ਦਾਖਲ ਕਰਨ ਦੀ ਸਮਾਂ-ਸੀਮਾ ਦੋ ਦਿਨਾਂ ਲਈ ਵਧਾ ਦਿੱਤੀ ਗਈ ਹੈ। ਈ ਸੀ ਪੀ ਨੇ ਕਿਹਾ ਕਿ 8 ਫਰਵਰੀ, 2024 ਨੂੰ ਹੋਣ ਵਾਲੀ ਵੋਟਿੰਗ ਦੇ ਬਾਕੀ ਕਾਰਜਕ੍ਰਮ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ। ਇਮਰਾਨ ਖਾਨ ਅਤੇ ਨਵਾਜ਼ ਸ਼ਰੀਫ ਨੇ ਕਿਹਾ ਕਿ ਅਦਾਲਤ ਵੱਲੋਂ ਸਜ਼ਾ ਸੁਣਾਏ ਜਾਣ ਕਾਰਨ ਉਨ੍ਹਾਂ ਦੀ ਸ਼ਮੂਲੀਅਤ 'ਤੇ ਪਾਬੰਦੀ ਦੇ ਬਾਵਜੂਦ ਉਹ ਨਾਮਜ਼ਦਗੀ ਦਾਖਲ ਕਰਨਗੇ। ਦੋਵੇਂ ਹਾਈ ਕੋਰਟਾਂ ਤੋਂ ਰਾਹਤ ਦੀ ਉਡੀਕ ਕਰ ਰਹੇ ਹਨ, ਜਿਸ ਤੋਂ ਬਾਅਦ ਉਹ ਨਾਮਜ਼ਦਗੀ ਦਾਖਲ ਕਰ ਸਕਣਗੇ। ਜ਼ਿਕਰਯੋਗ ਹੈ ਕਿ ਇਮਰਾਨ ਖਾਨ ਭ੍ਰਿਸ਼ਟਾਚਾਰ ਤੋਂ ਲੈ ਕੇ ਸਰਕਾਰੀ ਦਸਤਾਵੇਜ਼ ਲੀਕ ਕਰਨ ਤੱਕ ਦੇ ਕਈ ਦੋਸ਼ਾਂ ਦਾ ਸਾਹਮਣਾ ਕਰ ਰਹੇ ਹਨ ਅਤੇ ਜੇਲ੍ਹ ਵਿੱਚ ਹਨ। ਉਹਨਾ ਦੇ ਚੋਣ ਲੜਨ ਦੀਆਂ ਸੰਭਾਵਨਾਵਾਂ ਨੂੰ ਉਦੋਂ ਕਰਾਰਾ ਝਟਕਾ ਲੱਗਾ, ਜਦੋਂ ਅਦਾਲਤ ਨੇ ਸਜ਼ਾ ਨੂੰ ਮੁਅੱਤਲ ਕਰਨ ਦੀ ਅਰਜੀ ਨੂੰ ਰੱਦ ਕਰ ਦਿੱਤਾ। ਖਾਨ ਦੀ ਪਾਰਟੀ ਪੀ ਟੀ ਆਈ ਨੇ 2018 ਦੀਆਂ ਚੋਣਾਂ ਜਿੱਤੀਆਂ ਸਨ ਅਤੇ ਪਹਿਲੀ ਵਾਰ ਸੱਤਾ ਵਿੱਚ ਆਈ ਸੀ।

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
ਮੁਫਤ ਪਿਕਅਪ ਅਤੇ ਡਰਾਪ ਆਫ
ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਉਂਟ ਸਰਟੀਫਿਕੇਟ
ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
ਵਾਜਿਬ ਕੀਮਤ
ਲੇਡੀਜ਼ ਇੰਸਟਰਕਟਰ
647-998-7500 ਬਲਵਿੰਦਰ

NOW HIRING !!!
ALLKIND INSURANCE
Life Insurance
Critical illness Ins
Travel & Visitor Ins
RESP & TFSA & RRSP
Super Visa Insurance
Mortgage Insurance
Disability Insurance
Funeral Insurance
SIMRAN SAINI
416.994.7272
www.allkindinsurance.com

MagGas Medical Brampton
MGM
MAGGAS MEDICAL INC.
Helping you breathe deep and rest easy.
CPAP ਮਸ਼ੀਨਾਂ, ਮਾਸਕ ਅਤੇ ਸਪਲਾਈ
ਮੁਫ਼ਤ ਸਲਾਹ
ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ
ਓਨਟਾਰੀਓ ਵਰਕਸ ਲਈ ਮੁਫ਼ਤ
ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca topinsuranceservices.ca

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

KELLEY LAW OFFICE
Immigration
Family Law
Corporate
Real Estate
Business Closing
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
Mouse & Rats
Spiders & Fleas
Bedbugs
Wasps
Cockroaches
Carpenter Ants
Silver Fish
Racoons
Call : PARESH PATEL
(Government Approved Licensed Technician)
416 938 4598

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Avon Financial Inc.
Advice you can bank on.
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law
Wills & Estates
Power of Attorney
Affidavits Notarization / Declaration
Business Law
Family Law
Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਹਰ ਇੱਕ ਬਾਤ ਬਤੰਗੜ ਹੈ ਬਣੀ ਜਾਂਦੀ,
ਕੋਈ ਵੀ ਪੈਰ ਨਾ ਪਿੱਛੇ ਖਿਸਕਾਏ ਬੇਲੀ।
ਵਕਤ ਸਾਂਭਣ ਦੀ ਸੋਚ ਕੋਈ ਕਰੇ ਨਾਹੀਂ,
ਹਰ ਕੋਈ ਸਿੱਧਾ ਲੜਾਈ ਨੂੰ ਆਏ ਬੇਲੀ।
ਆਸੇ-ਪਾਸੇ ਦੇ ਲੋਕ ਵੀ ਬਣਨ ਦਰਸ਼ਕ,
ਲੜਦੇ ਕੋਈ ਹਟਾਉਣ ਨਹੀਂ ਜਾਏ ਬੇਲੀ।
ਉਬਾਲਾ ਆਏ ਤੋਂ ਜੇ ਨਹੀਂ ਠੰਢ ਰਹਿੰਦੀ,
ਪਲਾਂ ਦੀ ਕੌੜ ਵੀ ਕਤਲ ਕਰਵਾਏ ਬੇਲੀ।
ਜੀਹਨੂੰ ਵੇਖੀਦਾ, ਅੱਗ ਦੀ ਨਾੜ ਬਣਿਆ,
ਛਿੱਟਾ ਪਾਣੀ ਦਾ ਕੋਈ ਨਹੀਂ ਮਾਰਦਾ ਈ।
ਸ਼ਾਂਤ ਰਹਿਣ ਨੂੰ ਕੋਈ ਵੀ ਆਖਦਾ ਨਹੀਂ,
ਖੰਘੂਰੇ ਲੜਨ ਦੇ ਹਰ ਕੋਈ ਮਾਰਦਾ ਈ।

**ਤੀਸ ਮਾਰ ਖਾਂ**

## ਸਾਕਸ਼ੀ ਅਤੇ ਬਜਰੰਗ ਦੀ ਹੋਈ ਜਿੱਤ: ਕੇਂਦਰ ਦੇਰ ਨਾਲ ਜਾਗਿਆ, ਪਰ ਬ੍ਰਿਜ ਭੂਸ਼ਣ ਸਿੰਘ 'ਤੇ ਲੱਗੇ ਗੰਭੀਰ ਦੋਸ਼ਾਂ 'ਤੇ ਕਾਰਵਾਈ ਜ਼ਰੂਰੀ: ਕੁਲਤਾਰ ਸਿੰਘ ਸੰਧਵਾਂ

### ਮੋਦੀ ਸ਼ਾਸਨ 'ਚ ਓਲੰਪੀਅਨਾਂ ਦੇ ਨਿਰਾਦਰ ਨੂੰ ਦੇਸ਼ ਲਈ ਸ਼ਰਮਨਾਕ ਦੱਸਿਆ

ਚੰਡੀਗੜ੍ਹ, 24 ਦਸੰਬਰ (ਗਿਆਨ ਸਿੰਘ): ਖੇਡ ਮੰਤਰਾਲੇ ਵੱਲੋਂ ਕੁਸ਼ਤੀ ਸੰਘ ਨੂੰ ਮੁਅੱਤਲ ਕਰਨ ਦੇ ਫੈਸਲੇ ਨੂੰ ਕੇਂਦਰ ਵੱਲੋਂ ਭਾਰੀ ਜਨਤਕ ਦਬਾਅ ਹੇਠ ਲਿਆ ਗਿਆ ਫੈਸਲਾ ਦੱਸਦਿਆਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਐਤਵਾਰ ਨੂੰ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਬ੍ਰਿਜ ਭੂਸ਼ਣ ਸਿੰਘ ਖ਼ਿਲਾਫ ਖਿਡਾਰੀਆਂ ਨਾਲ ਜ਼ਬਰ-ਜਨਾਹ ਅਤੇ ਛੇੜਛਾੜ ਦੇ ਗੰਭੀਰ ਦੋਸ਼ਾਂ ਨੂੰ ਤਰਕਸੰਗਤ ਢੰਗ ਨਾਲ ਸਿੱਟੇ ਤੱਕ ਪਹੁੰਚਾਇਆ ਜਾਵੇ।

ਕੇਂਦਰੀ ਖੇਡ ਮੰਤਰਾਲੇ ਵੱਲੋਂ ਨਵੀਂ ਡਬਲਯੂ.ਐਫ.ਆਈ. ਨੂੰ ਰੱਦ ਕਰਨ ਦੀਆਂ ਖ਼ਬਰਾਂ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਸੰਧਵਾਂ ਨੇ ਕਿਹਾ ਕਿ ਨਵੀਂ ਸੰਸਥਾ ਨੂੰ ਤੁਰੰਤ ਪ੍ਰਭਾਵ ਨਾਲ ਖ਼ਤਮ ਕੀਤਾ ਜਾਣਾ ਚਾਹੀਦਾ ਹੈ ਅਤੇ ਪਾਰਦਰਸ਼ੀ ਢੰਗ ਨਾਲ ਨਵੀਆਂ ਚੋਣਾਂ ਕਰਵਾਈਆਂ ਜਾਣੀਆਂ ਚਾਹੀਦੀਆਂ ਹਨ।

ਸੰਧਵਾਂ ਨੇ ਇੱਥੋਂ ਜਾਰੀ ਇੱਕ ਬਿਆਨ ਵਿੱਚ ਪੁੱਛਿਆ, "ਉਨ੍ਹਾਂ ਨੇ ਨਵੀਂ ਡਬਲਯੂ.ਐਫ.ਆਈ. ਨੂੰ ਖ਼ਤਮ ਕਰਨ ਤੋਂ ਕਿਉਂ ਰੋਕਿਆ, ਜੋ ਕਿ ਸਾਬਕਾ ਮੁਖੀ ਦਾ ਹੀ ਰੂਪ (ਪ੍ਰੌਕਸੀ) ਸੀ, ਜਿਸ ਉੱਤੇ ਉਨ੍ਹਾਂ ਖਿਡਾਰੀਆਂ ਵਲੋਂ ਗੰਭੀਰ ਅਪਰਾਧਿਕ ਦੋਸ਼ ਲਗਾਏ ਗਏ ਸਨ, ਜਿਨ੍ਹਾਂ ਦੀ ਉਹ ਨੁਮਾਇੰਦਗੀ ਅਤੇ ਸੁਰੱਖਿਆ ਦਾ ਜ਼ੰਮਿੇਵਾਰ ਸੀ।



ਉਨ੍ਹਾਂ ਸਪੱਸ਼ਟ ਤੌਰ 'ਤੇ ਕਿਹਾ ਕਿ ਕੋਈ ਵੀ ਦੇਸ਼ ਉਦੋਂ ਤੱਕ ਤਰੱਕੀ ਨਹੀਂ ਕਰ ਸਕਦਾ, ਜਦੋਂ ਤੱਕ ਉਸ ਦੀਆਂ ਅਥਲੀਟ ਤੇ ਧੀਆਂ ਦੀ ਰੱਖਿਆ ਨਹੀਂ ਕੀਤੀ ਜਾਂਦੀ। ਸਾਕਸ਼ੀ ਅਤੇ ਬਜਰੰਗ ਨੇ ਜਿਸ ਤਰ੍ਹਾਂ ਬੇਇਨਸਾਫ਼ੀ ਅਤੇ ਅਪਮਾਨ ਦੇ ਖਿਲਾਫ ਇਸ ਲੜਾਈ ਦੀ ਝੰਡਾ-ਬਰਦਰਾਰੀ ਕੀਤੀ ਹੈ, ਉਹ ਮਿਸਾਲੀ ਤੇ ਜੁਅਰਤਮੰਦੀ ਦੀ ਗੱਲ ਹੈ ਅਤੇ ਇਹ ਉਨ੍ਹਾਂ ਵੱਲੋਂ ਚੁਣੌਤੀਆਂ ਦੇ ਸਖ਼ਤ ਦੌਰ 'ਚ ਵੀ ਡਟੇ ਰਹਿਣ ਦਾ ਨਤੀਜਾ ਹੈ। ਸ. ਸੰਧਵਾਂ ਨੇ ਅੱਗੇ ਕਿਹਾ ਕਿ ਕਿਸੇ ਕੌਮ ਲਈ ਆਪਣੇ ਓਲੰਪੀਅਨਾਂ ਦੀ ਬੇਹੁਰਮਤੀ ਤੇ ਅਪਮਾਨ ਹੁੰਦਾ ਦੇਖਣਾ ਬੜਾ ਦੁਖਦਾਈ ਅਤੇ ਸ਼ਰਮਨਾਕ ਹੈ।

ਇਸ ਸਾਰੀ ਪ੍ਰਕਿਰਿਆ ਨੂੰ ਫਾਹਸ਼ ਤੇ ਕੋਝਾ ਮਜ਼ਾਕ ਦੱਸਦਿਆਂ ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਜਾਣਦੀ ਸੀ ਕਿ ਦੇਸ਼ ਦੀ ਜਨਤਾ ਦਾ ਭਰੋਸਾ ਅਤੇ ਹਮਦਰਦੀ ਉਨ੍ਹਾਂ ਅਥਲੀਟਾਂ ਦੇ ਨਾਲ ਹੈ, ਜਿਨ੍ਹਾਂ ਨੂੰ ਗਲਤ ਸਾਬਤ ਕੀਤਾ ਜਾ ਰਿਹਾ ਸੀ। ਸੰਧਵਾਂ ਨੇ ਕਿਹਾ ਕਿ ਸਾਡੇ ਅਥਲੀਟਾਂ ਦੇ ਹੰਝੂਆਂ ਨੇ ਦੇਸ਼ ਨੂੰ ਝੰਜੋੜ ਕੇ ਰੱਖ ਦਿਤਾ ਹੈ ਕਿਉਂਕਿ ਸਾਡੇ ਸਟਾਰ ਅਥਲੀਟਾਂ ਨੂੰ ਤਗਮੇ ਵਾਪਸ ਕਰਦੇ ਦੇਖਣਾ ਬਹੁਤ ਦੁਖਦਾਈ ਸੀ।

## ਸਪੀਕਰ ਸੰਧਵਾਂ ਨੇ ਜਸਬੀਰ ਸਕੈਨ ਸੈਂਟਰ ਕੋਟਕਪੂਰਾ ਵਿਖੇ ਚਾਰ ਸਾਹਿਬਜਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਖ਼ੂਨਦਾਨ ਕੈਂਪ ਦਾ ਕੀਤਾ ਉਦਘਾਟਨ



ਕੋਟਕਪੂਰਾ 24 ਦਸੰਬਰ (ਗਿਆਨ ਸਿੰਘ )ਸਪੀਕਰ ਪੰਜਾਬ ਵਿਧਾਨ ਸਭਾ ਸ.ਕੁਲਤਾਰ ਸਿੰਘ ਸੰਧਵਾਂ ਨੇ ਜੈਤੋ ਰੋਡ ਕੋਟਕਪੂਰਾ ਵਿਖੇ ਚਾਰ ਸਾਹਿਬਜਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਵਿਸ਼ਾਲ ਖ਼ੂਨਦਾਨ ਕੈਂਪ ਦਾ ਉਦਘਾਟਨ ਕੀਤਾ।

ਇਸ ਮੌਕੇ ਸਪੀਕਰ ਸ. ਸੰਧਵਾਂ ਨੇ ਕਿਹਾ ਕਿ ਖ਼ੂਨਦਾਨ ਇੱਕ ਬਹੁਤ ਹੀ ਵੱਡਾ ਦਾਨ ਹੈ, ਜਿਸ ਨਾਲ ਅਸੀਂ ਬਹੁਤ ਸਾਰੀਆਂ ਜ਼ਿੰਦਗੀਆਂ ਨੂੰ ਬਚਾ ਸਕਦੇ ਹਾਂ ਅਤੇ ਸਾਨੂੰ ਖ਼ੂਨਦਾਨ ਕਰਨ ਦੇ ਲਈ ਵੱਧ ਤੋਂ ਵੱਧ ਲੋਕਾਂ ਨੂੰ ਪ੍ਰੇਰਿਤ ਕਰਨਾ ਚਾਹੀਦਾ ਹੈ।

ਉਹਨਾਂ ਕਿਹਾ ਕਿ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਹੈ ਅਤੇ ਦੁਨੀਆ ਵਿੱਚ ਅਜਿਹੀ ਸ਼ਹਾਦਤ ਦੀ ਕੋਈ ਉਦਾਹਰਣ ਨਹੀਂ ਮਿਲਦੀ। ਉਹਨਾਂ ਕਿਹਾ ਕਿ ਦਸਵੇਂ ਪਾਤਸ਼ਾਹ ਦੇ ਚਾਰ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਪੀ.ਬੀ.ਜੀ. ਵੈਲਫੇਅਰ ਕਲੱਬ ਵੱਲੋਂ ਹਰ ਸਾਲ ਖ਼ੂਨਦਾਨ ਕੈਂਪ ਲਗਾਇਆ ਜਾਂਦਾ ਹੈ ਅਤੇ ਅੱਜ ਚੌਥੀ ਵਾਰ ਇਹ ਖ਼ੂਨ ਦਾਨ ਕੈਂਪ ਜਸਬੀਰ ਸਕੈਨ ਸੈਂਟਰ ਕੋਟਕਪੂਰਾ ਵਿਖੇ ਲਗਾਇਆ ਗਿਆ ਹੈ।

ਉਨ੍ਹਾਂ ਗੁਰੂ ਸਾਹਿਬ ਅੱਗੇ ਅਰਦਾਸ ਕੀਤੀ ਕਿ ਸਾਡੀਆਂ ਆਉਣ ਵਾਲੀਆਂ ਪੀੜੀਆਂ ਨੂੰ ਗੁਰਬਾਣੀ ਦੇ ਨਾਲ ਜੋੜ ਕੇ ਰੱਖਣਾ, ਤਰੱਕੀਆਂ ਬਖਸ਼ਣ ਅਤੇ ਆਪਣਾ ਮਿਹਰ ਭਰਿਆ ਹੱਥ ਸਾਰਿਆਂ ਦੇ ਸਿਰ ਤੇ ਬਣਾਈ ਰੱਖਣ ਅਤੇ ਗੁਰਬਾਣੀ ਦਾ ਪ੍ਰਕਾਸ਼ ਸਾਡੇ ਸਾਰਿਆਂ ਦੇ ਹਿਰਦਿਆਂ ਵਿੱਚ ਰਹੇ।

ਉਨ੍ਹਾਂ ਕਿਹਾ ਕਿ ਖ਼ੂਨ ਦੀ ਇਕ-ਇਕ ਬੂੰਦ ਕੀਮਤੀ ਹੈ ਜੋ ਕਿਸੇ ਵੀ ਮਰਦੇ ਹੋਏ ਵਿਅਕਤੀ ਨੂੰ ਜੀਵਨ ਦਾਨ ਦੇ ਸਕਦੀ ਹੈ। ਉਨ੍ਹਾਂ ਕਿਹਾ ਕਿ ਸਾਡਾ ਜੀਵਨ ਮਾਨਵਤਾ ਦੀ ਸੇਵਾ ਨੂੰ ਸਮਰਪਿਤ ਹੋਣਾ ਚਾਹੀਦਾ ਹੈ ਅਤੇ ਖ਼ੂਨਦਾਨ ਕਰਕੇ ਮਾਨਵਤਾ ਦੀ ਸੇਵਾ ਵਿਚ ਆਪਣਾ ਯੋਗਦਾਨ ਪਾਇਆ ਜਾ ਸਕਦਾ ਹੈ।

ਇਸ ਮੌਕੇ ਡਾ: ਜਸਬੀਰ ਸਿੰਘ, ਡਾ.ਬਲਜੀਤ ਕੌਰ, ਪੀ.ਬੀ.ਜੀ ਵੈਲਫੇਅਰ ਕਲੱਬ ਐਨ.ਜੀ.ਓ ਰਾਜੀਵ ਮਲਿਕ, ਗੌਰਵ ਗਲਹੋਤਰਾ, ਮੰਜੂ ਬਾਲਾ ਮਹਿਲਾ ਵਿੰਗ ਦੀ ਇੰਚਾਰਜ, ਡਾ.ਰਮੇਸ਼, ਸਲੋਨੀ ਮਹਿਤਾ, ਮਨਦੀਪ ਕਿੰਦਾ, ਬਲੱਡ ਬੈਂਕ ਦੀ ਟੀਮ ਹਾਜ਼ਰ ਸਨ।

## ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਫਰੀਦਕੋਟ ਵਿਖੇ ਫੋਰੈਂਸਿਕ ਮੈਡੀਸਨ ਵਿਭਾਗ ਨੇ 21ਵੀਂ ਸਾਲਾਨਾ ਰਾਸ਼ਟਰੀ ਕਾਨਫਰੰਸ

ਫਰੀਦਕੋਟ, 24 ਦਸੰਬਰ (ਗਿਆਨ ਸਿੰਘ): ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਫਰੀਦਕੋਟ ਵਿਖੇ ਫੋਰੈਂਸਿਕ ਮੈਡੀਸਨ ਵਿਭਾਗ ਨੇ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ ਦੇ ਵਾਈਸ ਚਾਂਸਲਰ ਡਾ. ਰਾਜੀਵ ਸੂਦ ਦੀ ਸਰਪ੍ਰਸਤੀ ਹੇਠ ਆਪਣੀ 21ਵੀਂ ਸਾਲਾਨਾ ਰਾਸ਼ਟਰੀ ਕਾਨਫਰੰਸ ਮਨਾਈ।

ਇਸ ਸਮਾਗਮ ਦਾ ਆਯੋਜਨ ਡਾ: ਰਾਜੀਵ ਜੋਸ਼ੀ, ਪ੍ਰੋਫੈਸਰ ਅਤੇ ਮੁਖੀ, ਡਾ: ਰਵਦੀਪ ਸਿੰਘ ਦੇ ਨਾਲ ਆਰਗੇਨਾਈਜ਼ੰਗਿ ਸੈਕਟਰੀ, ਡਾ: ਕਰਨ ਪ੍ਰਮੋਦ ਜੁਆਇੰਟ ਆਰਗੇਨਾਈਜ਼ੰਗਿ ਸੈਕਟਰੀ ਅਤੇ ਡਾ: ਮਾਲਵਿਕਾ ਲਾਲ ਖਜ਼ਾਨਚੀ ਅਤੇ ਸੰਯੁਕਤ ਸਕੱਤਰ 'ਬਹੁ-ਅਨੁਸ਼ਾਸਨੀ ਏਕੀਕ੍ਰਿਤ ਪਹੁੰਚ' ਵਿਸ਼ੇ 'ਤੇ ਕੀਤਾ ਗਿਆ। ਇਸ ਵਿਚ ਦਿੱਲੀ, ਮੱਧ ਪ੍ਰਦੇਸ਼, ਤਾਮਿਲਨਾਡੂ, ਪੰਜਾਬ, ਰਾਜਸਥਾਨ ਅਤੇ ਹਿਮਾਚਲ ਪ੍ਰਦੇਸ਼ ਸਮੇਤ ਦੇਸ਼ ਭਰ ਦੇ 250 ਤੋਂ ਵੱਧ ਡੈਲੀਗੇਟਾਂ ਨੇ ਕਾਨਫਰੰਸ ਤੋਂ ਰਜਿਸਟਰ ਕੀਤਾ ਸੀ ਜਿੱਥੇ ਉਨ੍ਹਾਂ ਨੇ ਸਾਡੇ ਦੇਸ਼ ਦੇ ਮੌਜੂਦਾ ਕਾਨੂੰਨਾਂ ਬਾਰੇ ਆਪਣੇ ਸਿੱਖਣ ਨੂੰ ਵਧਾਉਣ ਅਤੇ ਦਿਮਾਗ ਨੂੰ ਵਿਸ਼ਾਲ ਕਰਨ ਲਈ ਇੱਕ ਸਾਂਝਾ ਪਲੇਟਫਾਰਮ ਸਾਂਝਾ ਕੀਤਾ।

ਕਈ ਵਿਸ਼ਿਆਂ ਦੇ ਗੈਸਟ ਲੈਕਚਰਾਂ ਵਿੱਚ ਡਾ. ਜਸਬੀਰ ਕੌਰ, ਡੈਂਟਿਸਟਰੀ ਵਿਭਾਗ ਸ਼ਾਮਲ ਸਨ, ਜੋ 'ਮੈਕਸੀਲੋਫੇਸ਼ੀਅਲ ਅਤੇ ਡੈਂਟਲ ਟ੍ਰਾਮਾਟੋਲੋਜੀ-ਮੈਡੀਕੋਲੀਗਲ ਪਹਿਲੂਆਂ', ਡਾ: ਹਰਪ੍ਰੀਤ ਕੌਰ, ਗਾਇਨੀਕੋਲੋਜੀ ਵਿਭਾਗ ਵੱਲੋਂ 'ਐਮਟੀਪੀ ਐਕਟ- ਰੁਕਾਵਟਾਂ ਅਤੇ ਚੁਣੌਤੀਆਂ', ਅਤੇ ਫੋਰੈਂਸਿਕ ਵਿਭਾਗ ਵੱਲੋਂ ਭਾਸ਼ਣ ਦਿੱਤੇ । ਮੈਡੀਸਨ, ਡਾ: ਰਾਕੇਸ਼ ਗੋਰੀਆ 'ਓਰਲ ਆਟੋਪਸੀ ਅਤੇ



ਇਸ ਦੀਆਂ ਉਪਯੋਗਤਾਵਾਂ' 'ਤੇ, ਡਾ.ਡੀ.ਐਸ. ਭੁੱਲਰ ਨੇ 'ਅੰਗ ਦਾਨ 'ਚ ਡਾਕਟਰਾਂ ਦੀ ਭੂਮਿਕਾ' 'ਤੇ, ਡਾ. ਵਿਜੇ ਪਾਲ ਖਨਗਵਾਲ ਨੇ 'ਮਰੀਜ਼ਾਂ ਲਈ ਬੁਰੀ ਖ਼ਬਰ' 'ਤੇ ਡਾ: ਅਮਨਦੀਪ ਸਿੰਘ ਨੇ 'ਮੌਤ ਦੇ ਕਾਰਨ ਦਾ ਮੈਡੀਕਲ ਸਰਟੀਫਿਕੇਟ ਨੂੰ ਸਹੀ ਢੰਗ ਨਾਲ ਲਿਖਣ ਲਈ ਨਿਯਮਾਂ ਦੀ ਵਰਤੋਂ", ਡਾ ਵੀ.ਪੀ. ਸਿੰਘ ਨੇ 'ਭਾਰਤ ਵਿੱਚ ਸਰੋਗੇਸੀ ਲਾਅਜ਼' ਅਤੇ ਡਾ: ਹਰਦੀਪ ਕੌਰ, ਨਰਸਿੰਗ ਕਾਲਜ ਨੇ 'ਫੋਰੈਂਸਿਕ ਨਰਸਿੰਗ-ਸੰਕਲਪ ਅਤੇ ਕਲੀਨਿਕਲ ਪ੍ਰੈਕਟਿਸ ਵਿੱਚ ਭੂਮਿਕਾ' ਵਿਸ਼ੇ 'ਤੇ ਸ਼ਰਿਕਤ ਕੀਤੀ।

ਇਸ ਕਾਨਫਰੰਸ ਦਾ ਉਦੇਸ਼ ਨਿਆਂਇਕ ਪ੍ਰਣਾਲੀ ਨੂੰ ਸਸ਼ਕਤ ਬਣਾਉਣ ਲਈ ਦਵਾਈ ਅਤੇ ਕਾਨੂੰਨ ਦੇ ਗਿਆਨ ਨੂੰ ਜੋੜਨਾ ਹੈ। ਕਾਨਫਰੰਸ ਵਿੱਚ ਬਾਬਾ ਫ਼ਰੀਦ ਲਾਅ ਕਾਲਜ ਦੇ ਡੈਲੀਗੇਟ, ਦਸਮੇਸ਼ ਡੈਂਟਲ ਕਾਲਜ ਦੇ ਡੈਲੀਗੇਟ, ਨਰਸਿੰਗ ਵਿਭਾਗ ਅਤੇ ਪੁਲਿਸ ਮੁਲਾਜ਼ਮਾਂ ਨੇ ਭਾਗ ਲਿਆ।

ਡਾ: ਰਾਜੀਵ ਜੋਸ਼ੀ ਨੂੰ ਪੀ.ਏ.ਐਫ.ਐਮ.ਏ.ਟੀ (ਪੰਜਾਬ ਅਕੈਡਮੀ ਆਫ਼ ਫੋਰੈਂਸਿਕ ਮੈਡੀਸਨ ਐਂਡ ਟੌਕਸੀਕੋਲੋਜੀ) ਹੈਦਾ ਪ੍ਰਧਾਨ, ਡਾ. ਰਵਦੀਪ ਸਿੰਘ ਨੂੰ ਸੰਯੁਕਤ ਸਕੱਤਰ, ਡਾ. ਕਰਨ ਪ੍ਰਮੋਦ, ਸਕੱਤਰ ਆਈ.ਟੀ. ਅਤੇ ਡਾ. ਮਾਲਵਿਕਾ ਲਾਲ, ਮੈਂਬਰ ਕਾਰਜਕਾਰੀ ਸੰਸਥਾ ਪੀ.ਏ.ਐਫ.ਐਮ.ਏ.ਟੀ ਨੂੰ ਨਿਯੁਕਤ ਕੀਤਾ ਗਿਆ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated



19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation



214-7895 Tranmere Drive, Mississauga ON L5S 1V9






ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com





UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS
uktruck1@gmail.com
Jitpal Singh Deol
647-204-1936





# ਸੁਲਭਾ ਜਿੰਦਲ ਬਣੇ ਮਾਲਵਾ ਸੱਭਿਆਚਾਰਕ ਮੰਚ ਪੰਜਾਬ ਦੇ ਚੇਅਰਪਰਸਨ



### ਡਾ. ਰਜਿੰਦਰ ਕੌਰ ਬਣੇ ਮੁੱਖ ਸਰਪ੍ਰਸਤ ਅਤੇ ਦਵਿੰਦਰ ਬਸੰਤ ਕਨਵੀਨਰ ਮੰਚ ਪੰਜਾਬ ਬਣੇ

ਲੁਧਿਆਣਾ, 24 ਦਸੰਬਰ (ਗਿਆਨ ਸਿੰਘ): ਅੱਜ ਮਾਲਵਾ ਸੱਭਿਆਚਾਰਕ ਮੰਚ ਪੰਜਾਬ ਦੀ ਮੀਟਿੰਗ ਮੰਚ ਦੀ ਮਹਿਲਾ ਵਿੰਗ ਦੀ ਪੰਜਾਬ ਦੀ ਪ੍ਰਧਾਨ ਸਿਮੀ ਕਵਾਤਰਾ ਦੀ ਪ੍ਰਧਾਨਗੀ ਹੇਠ ਸਤਲੁਜ ਕਲੱਬ ਵਿਖੇ ਹੋਈ ਜਦਕਿ ਮੀਟਿੰਗ ਵਿੱਚ ਮੰਚ ਦੇ ਚੇਅਰਮੈਨ ਕ੍ਰਿਸ਼ਨ ਕੁਮਾਰ ਬਾਵਾ ਅਤੇ ਗੁਰਮੀਤ ਕੌਰ ਆਹਲੂਵਾਲੀਆ ਸਰਪ੍ਰਸਤ ਮੁੱਖ ਤੌਰ 'ਤੇ ਹਾਜ਼ਰ ਹੋਏ। ਇਸ ਸਮੇਂ ਮੰਚ ਵੱਲੋਂ ਲਏ ਫੈਸਲੇ ਅਨੁਸਾਰ ਸੁਲਭਾ ਜਿੰਦਲ ਸਪੋਰਟਸ ਸੈਕਟਰੀ ਸਤਲੁਜ ਕਲੱਬ ਨੂੰ ਮਾਲਵਾ ਸੱਭਿਆਚਾਰਕ ਮੰਚ ਪੰਜਾਬ ਦੀ ਚੇਅਰਪਰਸਨ ਬਣਾਇਆ ਗਿਆ ਜਦਕਿ ਰਿਟਾਇਰਡ ਸਿਵਲ ਸਰਜਨ ਡਾਕਟਰ ਰਜਿੰਦਰ ਕੌਰ ਸਿੱਧੂ ਨੂੰ ਮੰਚ ਦੀ ਮੁੱਖ ਸਰਪ੍ਰਸਤ ਅਤੇ ਦਵਿੰਦਰ ਬਸੰਤ ਨੂੰ ਮੰਚ ਦੀ ਪੰਜਾਬ ਦੀ ਕਨਵੀਨਰ ਬਣਾਇਆ ਗਿਆ। ਮੀਟਿੰਗ ਵਿੱਚ ਸਮਾਜ ਸੇਵੀ ਦੀਪਕ ਗਰਗ, ਪ੍ਰਦੀਪ ਢੱਲ, ਪ੍ਰਿੰਸ ਗੁਪਤਾ ਅਤੇ ਅਸ਼ਵਨੀ ਮਹੰਤ ਐਡਵੋਕੇਟ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ।

ਇਸ ਸਮੇਂ ਮੀਟਿੰਗ ਵਿੱਚ 11 ਜਨਵਰੀ ਨੂੰ ਧੀਆਂ ਦਾ ਲੋਹੜੀ ਮੇਲਾ ਜੋ ਇਸ ਵਾਰ ਗੁਰੂ ਨਾਨਕ ਭਵਨ ਵਿਖੇ ਲਗਾਇਆ ਜਾ ਰਿਹਾ ਹੈ ਉਸ ਦੇ ਸਮੁੱਚੇ ਪ੍ਰਬੰਧਾਂ ਬਾਰੇ ਵਿਚਾਰਾਂ ਕੀਤੀਆਂ ਗਈਆਂ। ਇਸ ਸਮੇਂ ਸੀਮਾ ਕਵਾਤਰਾ, ਸੁਲਭਾ ਜਿੰਦਲ ਅਤੇ ਦਵਿੰਦਰ ਬਸੰਤ ਨੇ ਕਿਹਾ ਕਿ ਸ਼ਹਿਰ ਦੀਆਂ ਵੱਖ ਵੱਖ ਲੇਡੀਜ ਕਲੱਬਾਂ ਨਾਲ ਆਉਣ ਵਾਲੇ ਦਿਨਾਂ 'ਚ ਸੰਪਰਕ ਕਰਕੇ ਉਹਨਾਂ ਨੂੰ ਲੋਹੜੀ ਦੀ ਗਾਗਰ ਭੇਟ ਕਰਕੇ ਮੇਲੇ ਵਿੱਚ 11 ਜਨਵਰੀ ਨੂੰ ਆਉਣ ਦਾ ਸੱਦਾ ਦੇਵਾਂਗੇ। ਉਨਾਂ ਕਿਹਾ ਕਿ 2023 ਵਿੱਚ ਜਨਮ ਲੈਣ ਵਾਲੀਆਂ 125 ਬੱਚੀਆਂ ਨੂੰ ਸ਼ਗਨ, ਸੂਟ, ਖਿਡਾਉਣੇ ਮਾਤਾ ਨੂੰ ਸ਼ਾਲ, ਸਵੀਟਸ ਅਤੇ ਮੈਡਲ ਪਾ ਕੇ ਸਨਮਾਨਿਤ ਕੀਤਾ ਜਾਵੇਗਾ।

ਇਸ ਸਮੇਂ ਬਾਵਾ ਨੇ ਕਿਹਾ ਕਿ ਧੀਆਂ ਦੀ ਸਮੂਹਿਕ ਤੌਰ 'ਤੇ ਲੋਹੜੀ ਮਨਾਉਣਾ ਸਾਡੇ ਸਮਾਜ ਅੰਦਰ ਪੁਰ-ਾਤਨ ਸਮੇਂ ਲੜਕੀ ਅਤੇ ਲੜਕੇ ਦੀ ਜਨਮ 'ਤੇ ਪਾਇਆ ਜਾਂਦਾ ਭੇਦਭਾਵ ਖਤਮ ਕਰਨਾ ਹੈ। ਇਸ ਸਮੇਂ ਸ਼ਹਿਰ ਦੀਆਂ ਪ੍ਰਮੁੱਖ ਸਮਾਜ ਸੇਵੀ ਮਹਿਲਾਵਾਂ ਕਾਜਲ ਗੋਇਲ, ਪੂਨਮ ਪੁਰੀ, ਰੀਤਾ ਥਾਪਰ, ਵਰਿੰਦਰ ਕੌਰ, ਸੰਗੀਤਾ ਗੁਪਤਾ, ਮੋਨਿਕਾ ਗੁਪਤਾ, ਸੁਨੀਤਾ, ਹਰਜੀਤ ਕੌਰ ਹਾਜ਼ਰ ਸਨ ਜਦਕਿ ਮੰਚ ਦੇ ਸਕੱਤਰ ਸਾਹਿਲ ਆਲੂਵਾਲੀਆ ਅਤੇ ਜਰਨਲ ਸਕੱਤਰ ਮੰਚ ਰੇਸ਼ਮ ਸਿੰਘ ਸੱਗੂ ਵੀ ਹਾਜ਼ਰ ਸਨ।

# ਪੰਜਾਬ ਏ.ਆਈ.ਐਫ ਸਕੀਮ ਲਾਗੂ ਕਰਨ ਵਾਲਾ ਮੋਹਰੀ ਸੂਬਾ ਬਣਿਆ, 7600 ਤੋਂ ਵੱਧ ਪ੍ਰਾਜੈਕਟਾਂ ਲਈ 2000 ਕਰੋੜ ਰੁਪਏ ਵੰਡੇ : ਚੇਤਨ ਸਿੰਘ ਜੌੜਾਮਾਜਰਾ

ਚੰਡੀਗੜ੍ਹ, 24 ਦਸੰਬਰ (ਗਿਆਨ ਸਿੰਘ):ਪੰਜਾਬ ਦੇ ਬਾਗ਼ਬਾਨੀ ਮੰਤਰੀ ਸ. ਚੇਤਨ ਸਿੰਘ ਜੌੜਾਮਾਜਰਾ ਨੇ ਅੱਜ ਇੱਥੇ ਦੱਸਿਆ ਕਿ ਪੰਜਾਬ, ਖੇਤੀਬਾੜੀ ਬੁਨਿਆਦੀ ਢਾਂਚਾ ਫੰਡ (ਏ.ਆਈ.ਐਫ) ਸਕੀਮ ਨੂੰ ਲਾਗੂ ਕਰਨ ਵਿੱਚ ਮੋਹਰੀ ਸੂਬਾ ਬਣ ਕੇ ਉੱਭਰਿਆ ਹੈ ਅਤੇ ਇਸ ਸਕੀਮ ਤਹਿਤ ਸੂਬੇ ਵੱਲੋਂ ਹੁਣ ਤੱਕ ਦੇਸ਼ ਵਿੱਚ ਸਭ ਤੋਂ ਵੱਧ ਪ੍ਰਾਜੈਕਟਾਂ ਨੂੰ ਮਨਜ਼ੂਰੀ ਦਿੱਤੀ ਗਈ ਹੈ।

ਬਾਗ਼ਬਾਨੀ ਮੰਤਰੀ ਨੇ ਦੱਸਿਆ ਕਿ ਇਸ ਹਫ਼ਤੇ ਪੰਜਾਬ ਨੇ ਇੱਕ ਵੱਡਾ ਮੀਲ ਪੱਥਰ ਸਥਾਪਤ ਕਰਦਿਆਂ 3500 ਕਰੋੜ ਰੁਪਏ ਦੀ ਕੁੱਲ ਲਾਗਤ ਵਾਲੇ 7646 ਪ੍ਰਾਜੈਕਟਾਂ ਦੀ ਸਥਾਪਤੀ ਲਈ 2000 ਕਰੋੜ ਰੁਪਏ ਦੇ ਏ.ਆਈ.ਐਫ ਮਿਆਦੀ ਕਰਜ਼ੇ ਵੰਡੇ ਹਨ। ਉਨ੍ਹਾਂ ਦੱਸਿਆ ਕਿ ਹੁਣ ਤੱਕ ਮਨਜ਼ੂਰ ਕੀਤੇ ਗਏ 8298 ਪ੍ਰਾਜੈਕਟਾਂ ਵਿੱਚੋਂ 92 ਫ਼ੀਸਦੀ (ਭਾਵ 7646 ਪ੍ਰਾਜੈਕਟਾਂ) ਲਈ ਮਿਆਦੀ ਕਰਜ਼ੇ ਦਿੱਤੇ ਜਾ ਚੁੱਕੇ ਹਨ, ਜੋ ਮੱਧ ਪ੍ਰਦੇਸ਼ ਸਣੇ ਸੂਬੇ ਵਿੱਚ ਉੱਚ ਰਾਸ਼ੀ ਵੰਡ ਦਰ ਨੂੰ ਦਰਸਾਉਂਦਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਅੰਕੜੇ ਸੂਬੇ ਵਿੱਚ ਖੇਤੀਬਾੜੀ ਬੁਨਿਆਦੀ ਢਾਂਚੇ ਲਈ ਨਿਵੇਸ਼ ਨੂੰ ਉਤਸ਼ਾਹਤ ਕਰਨ ਵਾਸਤੇ ਸਟੇਟ ਨੋਡਲ ਏਜੰਸੀ ਅਰਥਾਤ ਸੂਬੇ ਦਾ ਬਾਗ਼ਬਾਨੀ ਵਿਭਾਗ ਅਤੇ ਹੋਰਨਾਂ ਭਾਈਵਾਲਾਂ ਤੇ ਕਰਜ਼ਦਾਤਾ ਸੰਸਥਾਵਾਂ ਦਰਮਿਆਨ ਮਜ਼ਬੂਤ ਤਾਲਮੇਲ ਨੂੰ ਉਜਾਗਰ ਕਰਦੇ ਹਨ।

ਚੇਤਨ ਸਿੰਘ ਜੌੜਾਮਾਜਰਾ ਨੇ ਦੱਸਿਆ ਕਿ ਵੰਡੀ ਗਈ ਰਾਸ਼ੀ ਦੇ ਮਾਮਲੇ ਵਿੱਚ ਪਟਿਆਲਾ (250.3 ਕਰੋੜ ਰੁਪਏ), ਲੁਧਿਆਣਾ (206.23 ਕਰੋੜ ਰੁਪਏ), ਸੰਗਰੂਰ (201.97 ਕਰੋੜ ਰੁਪਏ), ਬਠਿੰਡਾ (182.33 ਕਰੋੜ ਰੁਪਏ) ਅਤੇ ਫ਼ਿਰੋਜ਼ਪੁਰ (159.59 ਕਰੋੜ ਰੁਪਏ) ਨਾਲ ਮੋਹਰੀ ਜ਼ਿਲ੍ਹਿਆਂ 'ਚ ਸ਼ੁਮਾਰ ਹਨ। ਉਨ੍ਹਾਂ ਕਿਹਾ ਕਿ ਵਾਢੀ ਤੋਂ ਬਾਅਦ ਦੇ ਪ੍ਰਬੰਧਨ ਬੁਨਿਆਦੀ ਢਾਂਚੇ ਵਿੱਚ ਪ੍ਰਾਇਮਰੀ ਪ੍ਰੋਸੈਸਿੰਗ ਸੈਂਟਰਾਂ, ਸਟੋਰੇਜ ਬੁਨਿਆਦੀ ਢਾਂਚੇ (ਜਿਵੇਂ ਕੋਲਡ ਸਟੋਰ ਅਤੇ ਡਰਾਈ ਵੇਅਰਹਾਊਸ), ਕਸਟਮ ਹਾਇਰਿੰਗ ਸੈਂਟਰ, ਯੋਗ ਬੁਨਿਆਦੀ



ਢਾਂਚੇ 'ਤੇ ਸੋਲਰ ਪੈਨਲ ਲਾਉਣਾ ਅਤੇ ਸੋਲਰ ਪੰਪਾਂ ਦੀ ਸਥਾਪਨਾ ਆਦਿ ਸ਼ਾਮਲ ਹੈ।

ਬਾਗ਼ਬਾਨੀ ਵਿਭਾਗ ਨੇ ਅਪ੍ਰੈਲ 2022 ਤੋਂ ਸਟੇਟ ਨੋਡਲ ਏਜੰਸੀ ਵਜੋਂ ਕੰਮ ਕਰਦਿਆਂ ਏ.ਆਈ.ਐਫ ਸਕੀਮ ਦੇ ਪ੍ਰਭਾਵੀ ਲਾਗੂਕਰਨ ਲਈ ਸਟੇਟ ਪ੍ਰਾਜੈਕਟ ਮੌਨੀਟਰਿੰਗ ਯੂਨਿਟ (ਐਸ.ਪੀ.ਐਮ.ਯੂ) ਦੀ ਸਥਾਪਨਾ ਕੀਤੀ ਹੈ। ਵਿਭਾਗ ਵੱਲੋਂ ਏ.ਆਈ.ਐਫ ਸਕੀਮ ਨੂੰ ਉਤਸ਼ਾਹਿਤ ਕਰਨ ਲਈ ਜ਼ਿਲ੍ਹਾ ਅਤੇ ਬਲਾਕ ਪੱਧਰ 'ਤੇ ਭਾਈਵਾਲਾਂ ਨਾਲ ਸਰਗਰਮ ਤਾਲਮੇਲ ਬਣਾ ਕੇ ਰੱਖਿਆ ਜਾ ਰਿਹਾ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਵਿਭਾਗ ਨੇ ਸੰਭਾਵੀ ਲਾਭਪਾਤਰੀਆਂ ਦੀ ਸਹਾਇਤਾ ਦੇ ਉਦੇਸ਼ ਨਾਲ ਅਤੇ ਸਕੀਮ ਬਾਰੇ ਜਾਣਕਾਰੀ ਤੱਕ ਆਸਾਨ ਪਹੁੰਚ ਪ੍ਰਦਾਨ ਕਰਨ ਲਈ ਇੱਕ ਵੱਟਸਐਪ ਹੈਲਪਲਾਈਨ (90560-92906) ਵੀ ਸਥਾਪਤ ਕੀਤੀ ਹੈ।

ਜ਼ਿਕਰਯੋਗ ਹੈ ਕਿ ਏ.ਆਈ.ਐਫ ਸਕੀਮ ਯੋਗ ਗਤੀਵਿਧੀਆਂ ਲਈ ਮਿਆਦੀ ਕਰਜ਼ਿਆਂ ਉਤੇ 7 ਸਾਲਾਂ ਤੱਕ 3 ਫ਼ੀਸਦੀ ਵਿਆਜ ਸਹਾਇਤਾ ਦਿੰਦੀ ਹੈ। ਬੈਂਕ ਵੱਧ ਤੋਂ ਵੱਧ 9 ਫ਼ੀਸਦੀ ਵਿਆਜ ਲੈ ਸਕਦੇ ਹਨ ਅਤੇ ਇਹ ਲਾਭ 2 ਕਰੋੜ ਰੁਪਏ ਤੱਕ ਦੀ ਰਾਸ਼ੀ ਲਈ ਪ੍ਰਾਪਤ ਕੀਤਾ ਜਾ ਸਕਦਾ ਹੈ। ਹਰੇਕ ਲਾਭਪਾਤਰੀ ਵੱਖ-ਵੱਖ ਥਾਵਾਂ 'ਤੇ 25 ਪ੍ਰਾਜੈਕਟ ਤੱਕ ਸਥਾਪਤ ਕਰ ਸਕਦਾ ਹੈ। ਯੋਗ ਲਾਭਪਾਤਰੀ ਆਪਣੇ ਕਰਜ਼ਿਆਂ 'ਤੇ ਕ੍ਰੈਡਿਟ ਗਾਰੰਟੀ ਦਾ ਲਾਭ ਵੀ ਲੈ ਸਕਦੇ ਹਨ। ਇਸ ਤੋਂ ਇਲਾਵਾ ਦੂਹਰਾ ਲਾਭ ਲੈਣ ਲਈ ਏ.ਆਈ.ਐਫ ਸਕੀਮ ਨੂੰ ਕਈ ਹੋਰ ਰਾਜ ਅਤੇ ਕੇਂਦਰੀ ਸਕੀਮਾਂ/ਸਬਸਿਡੀਆਂ ਨਾਲ ਵੀ ਜੋੜਿਆ ਜਾ ਸਕਦਾ ਹੈ।






ਕੈਨੇਡੀਅਨ ਪੰਜਾਬੀ ਪੋਸਟ

Award winning news paper | Canadian Punjabi Post

# CLASSIFIEDS

Starting at just $10

ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁਟ 4", ਬੀ.ਏ ਪਾਸ, ਹੇਅਰ ਐਡ ਸਕਿੰਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664













# ਗਿਆਨੀ ਜ਼ੈਲ ਸਿੰਘ ਨੇ ਗੁਰਬਾਣੀ ’ਤੇ ਅਟੁੱਟ ਵਿਸ਼ਵਾਸ ਅਤੇ ਅਮਲ ਕੀਤਾ



ਗਿਆਨ ਸਿੰਘ
ਜ਼ਿਲ੍ਹਾ ਲੋਕ ਸੰਪਰਕ ਅਫ਼ਸਰ
(ਰਿਟਾ)
ਮੋਬਾਈਲ ਨੰ 9815784100

ਦੇਸ਼ ਦੀ ਅਜ਼ਾਦੀ ਤੋਂ ਲੈਕੇ ਹੁਣ ਤੱਕ ਪੰਜਾਬ ਵਿਚ 17 ਵਿਅਕਤੀਆਂ ਨੂੰ ਬਤੌਰ ਮੁੱਖ ਮੰਤਰੀ ਸੇਵਾ ਕਰਨ ਦਾ ਮੌਕਾ ਮਿਲਿਆ ਜਿਨ੍ਹਾਂ ਵਿਚੋਂ 15 ਅਗਸਤ 1947 ਤੋਂ ਲੈ ਕੇ 5 ਜੁਲਾਈ 1966 ਤੱਕ ਸਾਂਝੇ ਪੰਜਾਬ ਵਿਚ ਸ੍ਰੀ ਗੋਪੀ ਚੰਦ ਭਾਰਗੋ,ਸ੍ਰੀ ਭੀਮ ਸੈਨ ਸੱਚਰ, ਸ ਪ੍ਰਤਾਪ ਸਿੰਘ ਕੈਰੋਂ, ਸ੍ਰੀ ਰਾਮ ਕ੍ਰਿਸ਼ਨ ਅਤੇ 1 ਨਵੰਬਰ 1966 ਤੋਂ ਲੈ ਕੇ ਹੁਣ ਤੱਕ ਗਿਆਨੀ ਗੁਰਮੱਖ ਸਿੰਘ ਮੁਸਾਫਿਰ, ਸ ਗੁਰਨਾਮ ਸਿੰਘ, ਸ ਲੱਛਮਣ ਸਿੰਘ ਗਿੱਲ, ਸ ਪ੍ਰਕਾਸ਼ ਸਿੰਘ ਬਾਦਲ,ਗਿਆਨੀ ਜ਼ੈਲ ਸਿੰਘ,ਸ ਦਰਬਾਰਾ ਸਿੰਘ,ਸ ਸੁਰਜੀਤ ਸਿੰਘ ਬਰਨਾਲਾ,ਸ ਬੇਅੰਤ ਸਿੰਘ,ਸ ਹਰਚਰਨ ਸਿੰਘ ਬਰਾੜ,ਬੀਬੀ ਰਜਿੰਦਰ ਕੌਰ ਭੱਠਲ,ਕੈਪਟਨ ਅਮਰਿੰਦਰ ਸਿੰਘ,ਸ ਚਰਨਜੀਤ ਸਿੰਘ ਚੰਨੀ ਅਤੇ ਮੌਜੂਦਾ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਸਾਮਲ ਹਨ।ਪੰਜਾਬ ਵਿਚ ਰਾਜ ਕਰਨ ਦਾ ਸਭ ਤੋਂ ਵੱਧ ਸਮਾਂ ਪੰਜ ਵਾਰ ਸ ਪ੍ਰਕਾਸ਼ ਸਿੰਘ ਬਾਦਲ ਨੂੰ ਸਭ ਤੋਂ ਘੱਟ ਇੱਕੋ ਇੱਕ ਇਸਤਰੀ ਬੀਬੀ ਰਾਜਿਦਰ ਕੌਰ ਭੱਠਲ ਨੂੰ ਕੇਵਲ 2 ਮਹੀਨੇ 21 ਦਿਨ ਮਿਲੇ। ਕੈਪਟਨ ਅਮਰਿੰਦਰ ਸਿੰਘ ਦੋ ਵਾਰ ਮੁੱਖ ਮੰਤਰੀ ਬਣੇ,ਪਾਰਟੀ ਦੀ ਅੰਦਰੂਨੀ ਕਸ਼ਮਕੱਸ਼ ਕਰਕੇ ਦੂਜੀ ਵਾਰੀ ਸਮਾਂ ਪੂਰਾ ਨਹੀ ਕਰ ਸਕੇ, ਉਨ੍ਹਾ ਦੀ ਥਾਂ ਸ ਚਰਨਜੀਤ ਸਿੰਘ ਚੰਨੀ ਨੂੰ ਮੁੱਖ ਮੰਤਰੀ ਬਣਾਇਆ ਗਿਆ ਜੋ ਕੇਵਲ 5 ਮਹੀਨੇ 26 ਦਿਨ ਇਸ ਅਹੁੱਦੇ ਤੇ ਰਹੇ।ਗਿਆਨੀ ਗੁਰਮੱਖ ਸਿੰਘ ਮੁਸਾਫਿਰ ਨੂੰ 4 ਮਹੀਨੇ 7 ਦਿਨ,ਸ ਲੱਛਮਣ ਸਿੰਘ ਗਿੱਲ ਨੂੰ 8 ਮਹੀਨੇ 28 ਦਿਨ,ਸ ਗੁਰਨਾਮ ਸਿੰਘ ਨੂੰ

ਦੋ ਵਾਰੀਆਂ ਵਿਚ 1 ਸਾਲ 8 ਮਹੀਨੇ 27 ਦਿਨ, ਸ ਹਰਚਰਨ ਸਿੰਘ ਬਰਾੜ ਨੂੰ 1 ਸਾਲ 2 ਮਹੀਨੇ 20 ਦਿਨ,ਸ ਸੁਰਜੀਤ ਸਿੰਘ ਬਰਨਾਲਾ ਨੂੰ 1 ਸਾਲ 8 ਮਹੀਨੇ 12 ਦਿਨ ਅਤੇ ਸ ਦਰਬਾਰਾ ਸਿੰਘ ਨੂੰ 3 ਸਾਲ 4 ਮਹੀਨੇ ਰਾਜ ਕਰਨ ਦਾ ਮੌਕਾ ਮਿਲਾ। ਸ੍ਰੀ ਭਗਵੰਤ ਸਿੰਘ ਮਾਨ 16 ਮਾਰਚ 2022 ਨੂੰ ਪੰਜਾਬ ਦੇ 25ਵੇਂ ਮੁੱਖ ਮੰਤਰੀ ਬਣੇ ਹਨ।

ਗਿਆਨੀ ਜ਼ੈਲ ਸਿਘ ਜੀ ਦਾ ਸਿੱਖ ਧਰਮ ਵਿੱਚ ਅਟੁੱਟ ਵਿਸ਼ਵਾਸ ਸੀ। ਉਨ੍ਹਾਂ ਨੇ ਮੁੱਖ ਮੰਤਰੀ ਦਾ ਅਹੁੱਦਾ ਸੰਭਾਲਣ ਉਪਰੰਤ ਸਭ ਤੋਂ ਪਹਿਲਾਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਯਾਦ ਨੂੰ ਸਮਰਪਿਤ ਦੋ ਤਖ਼ਤਾਂ ਸ੍ਰੀ ਅਨੰਦਪੁਰ ਸਾਹਿਬ ਤੇ ਤਖ਼ਤ ਦਮਦਮਾ ਸਾਹਿਬ ਤਲਵੰਡੀ ਸਾਬੋ ਨੂੰ ਜੋੜ੍ਹਨ ਵਾਲਾ 640 ਕਿਲੋਮੀਟਰ “ਗੁਰੂ ਗੋਬਿੰਦ ਸਿੰਘ ਮਾਰਗ” ਬਣਵਾਇਆ। ਗਿਆਨੀ ਜੀ ਨੇ ਗੋਬਿੰਦ ਸਿੰਘ ਮਾਰਗ ਬਣਾਉਣ ਤੋਂ ਪਹਿਲਾਂ ਉਸ ਵੇਲੇ ਦੇ ਸ੍ਰੋਮਣੀ ਗੁਰੂਦਵਾਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜੱਥੇਦਾਰ ਗੁਰਚਰਨ ਸਿੰਘ ਟੌਹੜਾ ਤੇ ਸਾਰੀਆਂ ਸਿਆਸੀ ਪਾਰਟੀਆਂ ਦੇ ਮੁੱਖੀਆਂ,ਸੰਤਾਂ,ਮਹਾਂਪੁਰਸ਼ਾ ਨਾਲ ਵਿਚਾਰ ਵਟਾਂਦਰਾ ਕੀਤਾ। ਸ੍ਰੀ ਅਨੰਦਪੁਰ ਸਾਹਿਬ ਤੋਂ ਗੁਰੂ ਗੋਬਿੰਦ ਸਿੰਘ ਮਾਰਗ ਤੇ ਯਾਤਰਾ ਦੇ ਆਰੰਭ ਸਮੇਂ ਗਿਆਨੀ ਜੀ ਨੇ ਖੁਲ੍ਹੀ ਜੀਪ ਵਿਚ ਜੱਥੇਦਾਰ ਗੁਰਚਰਨ ਸਿੰਘ ਟੌਹੜਾ ਨੂੰ ਆਪਣੇ ਨਾਲ ਖੜ੍ਹਾ ਕੀਤਾ। ਸੰਗਤਾਂ ਦਾ ਠਾਠਾਂ ਮਾਰਦਾ ਇਕੱਠ ਧਾਰਮਿਕ ਮਾਰਚ ਵਿਚ ਸਾਮਲ ਹੋਇਆ। 6 ਅਪ੍ਰੈਲ 1972 ਨੂੰ ਅਰੰਭ ਹੋਏ ਸੱਤ ਦਿਨਾਂ ਮਾਰਚ ਦੌਰਾਨ ਵੱਖ ਵੱਖ ਪੜਾਵਾਂ ਤੇ ਦੀਵਾਨ ਸਜੇ ਜਿੱਥੇ ਗਿਆਨੀ ਜੀ ਖ਼ੁਦ ਸਾਮਲ ਹੁੰਦੇ ਰਹੇ ਅਤੇ 13 ਅਪ੍ਰੈਲ 1972 ਨੂੰ ਤਖ਼ਤ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਸਮਾਪਤੀ ਹੋਈ। ਗਿਆਨੀ ਜ਼ੈਲ ਸਿੰਘ ਸਰਕਾਰ ਦਾ ਸ ਪ੍ਰਕਾਸ਼ ਸਿੰਘ ਬਾਦਲ ਦੀ ਸਰਕਾਰ ਦੇ ਪਿਛੋਂ ਪਹਿਲਾ ਵੱਡਾ ਕਾਰਨਾਮਾ ਸੀ ਜਿਸ ਨਾਲ ਗਿਆਨੀ ਜੀ ਦੀ ਸਿੱਖ ਧਰਮ ਵਿੱਚ ਵਿਲੱਖਣ ਪਹਿਚਾਣ ਬਣ ਗਈ। ਗਿਆਨੀ ਜੀ ਦਾ ਆਪਣੇ ਆਪ ‘ਤੇ ਪੂਰਨ ਕੰਟਰੋਲ ਸੀ।

### *ਗਿਆਨੀ ਜੀ ਨੇ ਸ੍ਰੀ ਗੁਰੂ ਗਰੰਥ ਸਾਹਿਬ ਵਿਚ ਦਰਜ਼ ਬਾਬਾ ਫ਼ਰੀਦ ਜੀ ਦੀ ਬਾਣੀ*

“ਫ਼ਰੀਦਾ ਜੋ ਤੈ ਮਾਰਨ ਮੁੱਕੀਆਂ,
ਤਿਨ੍ਹਾਂ ਨਾ ਮਾਰੇ ਘੁੰਮ,
ਆਪਨੜੇ ਘਰ ਜਾਇਕੇ, ਪੈਰ ਤਿੰਨ੍ਹਾਂ ਦੇ ਚੁੰਮ।“

ਗਿਆਨੀ ਜੀ ਦੂਜਾ ਵੱਡਾ ਕਾਰਨਾਮਾ ਮਹਾਨ ਸੂਫੀ ਸੰਤ ਬਾਬਾ ਫ਼ਰੀਦ ਜੀ ਦੀ ਵਰੋਸਾਈ ਧਰਤੀ ਤੇ ਆਪਣੇ ਜੱਦੀ ਪਿੰਡ ਸੰਧਵਾਂ ਦੇ ਨਜ਼ਦੀਕ ਫ਼ਰੀਦਕੋਟ ਨੂੰ 7 ਅਗਸਤ 1972 ਨੂੰ ਪੰਜਾਬ ਦਾ ਬਾਰਵਾਂ ਜ਼ਿਲ੍ਹਾ ਬਣਾਉਣ ਦਾ ਫੈਸਲਾ ਕਰਨ ਤੋਂ ਪਹਿਲਾਂ ਮੁੱਖ ਮੰਤਰੀ ਬਣਨ ਉਪਰੰਤ ਮਹਾਰਾਜਾ ਫਰੀਦਕੋਟ ਸ ਹਰਿੰਦਰ ਸਿੰਘ ਬਰਾੜ ਦੇ ਕੋਲ ਗਏ ਅਤੇ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਬਦੌਲਤ ਹੀ ਉਹ ਮੁੱਖ ਮੰਤਰੀ ਬਣੇ ਹਨ। ਉਨ੍ਹਾਂ ਜ਼ਿਲ੍ਹਾ ਬਣਾਉਣ ਲਈ ਫ਼ਰੀਦਕੋਟ ਦੇ ਮਹਾਰਾਜਾ ਫ਼ਰੀਦਕੋਟ ਤੋਂ ਕਿਲ੍ਹੇ ਸਮੇਤ ਹੋਰ ਇਮਾਰਤਾਂ ਦੀ ਮੰਗ ਕੀਤੀ ਤਾਂ ਰਾਜੇ ਨੇ ਤੁਰੰਤ ਹਾਂ ਕਰ ਦਿੱਤੀ।ਇਥੇ ਜ਼ਿਕਰਯੋਗ ਹੈ ਕਿ ਫ਼ਰੀਦਕੋਟ ਦੇ ਮਹਾਰਾਜੇ ਹਰਿੰਦਰ ਸਿੰਘ ਬਰਾੜ ਦੇ ਰਾਜ ਸਮੇਂ ਗਿਆਨੀ ਜੀ ਨੂੰ ਜੀਪ ਮਗਰ ਬੰਨ ਕੇ ਘੜੀਸਿਆ ਗਿਆ ਸੀ ਅਤੇ ਹੋਰ ਅਨੇਕਾਂ ਵਧੀਕੀਆਂ ਕੀਤੀਆਂ ਸਨ।ਇਥੇ ਇਹ ਜ਼ਿਕਰਯੋਗ ਹੈ ਕਿ ਗਿਆਨੀ ਜੀ ਨੇ ਆਪਣੇ ਪਿੰਡ ਦੇ ਵਸਨੀਕ ਵਿਰੋਧੀ ਧਿਰ ਦੇ ਨੇਤਾ ਸਵਰਗੀ ਸ ਜਸਵਿੰਦਰ ਸਿੰਘ ਬਰਾੜ ਸਾਬਕਾ ਮੰਤਰੀ ਨੂੰ ਭਰੋਸੇ ਵਿਚ ਲੈ ਕੇ ਜ਼ਿਲ੍ਹਾ ਬਣਾਉਣ ਦਾ ਫੈਸਲਾ ਲਿਆ। ਜ਼ਿਲ੍ਹੇ ਦੇ ਉਦਘਾਟਨ ਵਾਲੇ ਦਿਨ ਗਿਆਨੀ ਜੀ ਨੇ ਸ ਜਸਵਿੰਦਰ ਸਿੰਘ ਬਰਾੜ ਨੂੰ ਆਪਣੇ ਨਾਲ ਖੁਲ੍ਹੀ ਜੀਪ ਵਿਚ ਆਪਣੇ ਨਾਮ ਖੜ੍ਹਾ ਕਰ ਲਿਆ।

5 ਮਈ 1916 ਨੂੰ ਗਿਆਨੀ



ਜ਼ੈਲ ਸਿੰਘ ਨੇ ਮਾਤਾ ਇੰਦ ਕੌਰ ਦੀ ਕੁਖੋਂ ਭਾਈ ਕਿਸ਼ਨ ਸਿੰਘ ਦੇ ਘਰ ਪਿੰਡ ਸੰਧਵਾਂ ਵਿਖੇ ਜਨਮ ਲਿਆ ਸੀ।ਉਨ੍ਹਾਂ ਦਾ ਸਿੱਖ ਧਰਮ ਅਤੇ ਗੁਰਬਾਣੀ ਵਿਚ ਅਟੁੱਟ ਵਿਸ਼ਵਾਸ ਅਤੇ ਸ਼ਰਧਾ ਸੀ। ਇਨ੍ਹਾਂ ਦਾ ਪਿਛੋਕੜ ਕ੍ਰਿਤੀ ਪ੍ਰੀਵਾਰ ਸਬੰਧਿਤ ਸੀ।

### ਗਿਆਨੀ ਜੀ ਨੇ ਆਪਣੇ ਜੀਵਨ ਨੂੰ ਗੁਰਬਾਣੀ ਦੇ ਇਸ ਕੱਥਨ ਅਨੁਸਾਰ ਢਾਲਿਆ

“ਫ਼ਰੀਦਾ ਸਭ ਸੇ ਹਮੁ ਬੁਰੇ, ਹਮ ਤੱਜ ਭਲਾ ਸਭ ਕੋਇ”

ਗਿਆਨੀ ਜ਼ੈਲ ਸਿੰਘ ਦੇ ਵਿਅਕਤੀਵ ਬਾਰੇ ਕੁਝ ਗਲਾਂ ਹਨ,ਉਹ ਬਹੁਤ ਸੂਝਵਾਨ ਅਤੇ ਦੂਰਦਰਸ਼ੀ ਸਨ। ਉਹ ਨਿੱਘੇ ਸੁਭਾਅ ਦੇ ਵਿਅਕਤੀ ਸਨ। ਉਨ੍ਹਾਂ ਦਾ ਵਡੱਪਣ ਇਹ ਸੀ ਕਿ ਉਹ ਆਮ ਲੋਕਾਂ ਤੋਂ ਲੈ ਕੇ ਆਪਣੇ ਵਿਰੋਧੀਆਂ ਤਕ ਨਿਮਰਤਾ ਤੇ ਹਲੀਮੀ ਨਾਲ ਪੇਸ਼ ਆਉਦੇ ਸਨ। ਇਤਿਹਾਸਕ ਪੱਖ ਤੇ ਨਜ਼ਰ ਮਾਰੀਏ ਤਾਂ ਇਤਫ਼ਾਕ ਨਾਲ ਗਿਆਨੀ ਜ਼ੈਲ ਸਿੰਘ ਨੂੰ 25 ਜੁਲਾਈ 1982 ਨੂੰ ਭਾਰਤ ਦੇ 7ਵੇਂ ਰਾਸ਼ਟਰਪਤੀ ਬਣਨ ਉਪਰੰਤ ਲਾਲ ਕਿਲ੍ਹੇ ਦੀ ਫ਼ਸੀਲ ਤੇ 26 ਜਨਵਰੀ 1983 ਨੂੰ ਤਿਰੰਗਾ ਲਹਿਰਾਉਣ ਦਾ ਮਾਣ ਪ੍ਰਾਪਤ ਹੋਇਆ ਸੀ ਅਤੇ ਉਹ ਇਸ ਅਹੁੱਦੇ ਤੇ 25 ਜੁਲਾਈ, 1987 ਤਕ ਰਹੇ। ਉਹ ਇਸ ਤੋਂ ਪਹਿਲਾ ਪੈਪਸੂ ਵਿਚ ਮਾਲ ਅਤੇ ਖੇਤੀਬਾੜੀ ਮੰਤਰੀ, 1972 ਤੋਂ 1977 ਵਿਚ ਪੰਜਾਬ ਦੇ ਮੁੱਖ ਮੰਤਰੀ, 1980 ਤੋਂ 1982 ਤਕ ਵਿਚ ਭਾਰਤ ਦੇ ਗ੍ਰਹਿ ਮੰਤਰੀ ਰਹੇ। ਉਹ ਸਾਰੀ ਉਮਰ ਭਾਰਤੀ ਰਾਸ਼ਟਰੀ ਕਾਗਰਸ ਪਾਰਟੀ ਦੇ ਸਰਗਰਮ ਨੇਤਾ ਰਹੇ।

ਉਨ੍ਹਾਂ ਨੇ ਆਪਣੇ ਪਰਿਵਾਰ ਦੇ ਮੈਂਬਰਾਂ ਨੂੰ ਸਿਆਸਤ ਤੋਂ ਹਮੇਸਾ ਦੂਰ ਰੱਖਿਆ।ਆਪ ਨੇ 1972 ਵਿੱਚ ਪੰਜਾਬ ਦੇ ਮੁੱਖ ਮੰਤਰੀ ਬਣਨ ਉਪਰੰਤ ਆਪਣੇ ਇਕਲੌਤੇ ਪੁੱਤਰ ਜੋਗਿੰਦਰ ਸਿੰਘ ਨੂੰ ਨਾਲ ਲੈ ਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਮੱਥਾ ਟੇਕਣ ਗਏ ਜਿੱਥੇ ਉਸ ਕੋਲੋਂ ਵਚਨ ਲਿਆ ਕਿ ਉਹ ਸਰਕਾਰੀ ਕੰਮ ਵਿੱਚ ਕੋਈ ਦਖ਼ਲਅੰਦਾਜ਼ੀ ਨਹੀਂ ਕਰੇਗਾ। ਉਨ੍ਹਾਂ ਨੇ ਪਰਮ-ਾਤਮਾ ਕੋਲੋ ਆਸ਼ੀਰਵਾਦ ਲਿਆ ਅਤੇ ਆਪਣੀ ਜ਼ਿੰਮੇਵਾਰੀ ਸੰਭਾਲੀ ਤੇ ਸਫ਼ਲਤਾ ਨਾਲ ਨਿਭਾਈ।ਗਿਆਨੀ ਜੀ ਨੇ ਮੁੱਖ ਮੰਤਰੀ ਦੀ ਰਹਾਇਸ ਲਈ ਰਾਖਵੀ ਸਰਕਾਰੀ ਕੋਠੀ ਨੰਬਰ 45 ਸੈਕਟਰ 2 ਵਿਚ ਸ੍ਰੀ ਗੁਰੁ ਗਰੰਥ ਸਾਹਿਬ ਜੀ ਦਾ ਪਹਿਲੀ ਵਾਰ ਪ੍ਰਕਾਸ਼ ਕਰਵਾਇਆ।ਗਿਆਨੀ ਜੀ ਰੋਜ਼ਾਨਾ ਆਪਣਾ ਕੰਮ ਸੁਰੂ ਕਰਨ ਤੋਂ ਪਹਿਲਾਂ ਹੁਕਮਨਾਮਾ ਲੈਂਦੇ ਸਨ।

ਗਿਆਨੀ ਜੀ ਦੀ ਸਰਕਾਰ ਨੇ ਪੰਜਾਬ ਦੇ ਵਿਕਾਸ ਲਈ ਕਈ ਕਦਮ ਚੁੱਕੇ ਜਿਹਨਾਂ ਵਿਚੋਂ ਪਿੰਡਾਂ ਦਾ ਸੌ-ਫ਼ੀਸਦੀ ਬਿਜਲੀਕਰਨ ਸਭ ਤੋਂ ਵੱਡੀ ਪ੍ਰਾਪਤੀ ਰਹੀ। ਫ਼ਰੀਦਕੋਟ ਵਿਖੇ ਗੁਰੁ ਗੋਬਿੰਦ ਸਿੰਘ ਮੈਡੀਕਲ ਕਾਲਜ ਲਿਆਉਣਾ,ਜੋ ਹੁਣ ਬਾਬਾ ਫ਼ਰੀਦ ਮੈਡੀਕਲ ਯੂਨੀਵਰਸਟੀ ਬਣ ਗਈ ਹੈ, ਪੱਛੜੇ ਇਲਾਕੇ ਦੇ ਲੋਕਾਂ ਲਈ ਵੱਡੀ ਸਹੂਲਤ ਹੈ। ਗਿਆਨੀ ਜੀ ਨੇ ਜੇਲ੍ਹਾਂ ਦੇ ਸੁਧਾਰ ਲਈ ਵੀ ਵਿਸ਼ੇਸ ਧਿਆਨ ਦਿੱਤਾ।ਉਨ੍ਹਾਂ ਦੀ ਯਾਦ ਵਿਚ ਫ਼ਰੀਦਕੋਟ ਦੀ ਪੁਰਾਣੀ ਜੇਲ੍ਹ ਵਾਲੀ ਥਾਂ ਤੇ ਯਾਦਗਾਰ ਕਾਇਮ ਕੀਤੀ ਗਈ ਹੈ,ਜਿੱਥੇ ਉਨ੍ਹਾਂ ਜੇਲ੍ਹ ਕੱਟੀ ਸੀ।

ਗਿਆਨੀ ਜੀ ਦੇ ਯਤਨਾਂ ਨਾਲ ਹੀ ਸ਼ਹੀਦ ਊਧਮ ਸਿੰਘ ਦੀਆਂ ਅਸਥੀਆਂ ਇੰਗਲੈਂਡ ਤੋਂ ਭਾਰਤ ਲਿਆਦੀਆਂ ਗਈਆਂ ਤੇ ਉਨ੍ਹਾ ਦਾ ਸੁਨਾਮ ਵਿਖੇ ਸੰਸਕਾਰ ਕਰਕੇ ਯਾਦਗਾਰ ਕਾਇਮ ਕੀਤੀ ਗਈ। ਮਲੇਰਕੋਟਲਾ ਵਿਖੇ ਕੂਕਿਆਂ (ਨਾਮਧਾਰੀਆਂ)ਦੀ ਸਹੀਦੀ ਵਾਲੀ ਥਾਂ ਤੇ ਯਾਦਗਾਰ ਕਾਇਮ ਕਰਨਾ,ਢੁੱਡੀਕੇ ਵਿਖੇ ਲਾਲਾ ਲਾਜਪੱਤ ਰਾਏ ਤੇ ਗੱਦਰੀ ਬਾਬਿਆਂ ਦੀ ਯਾਦਗਾਰ ਬਣਾਉਣਾ ਇਤਿਹਾਸਕ ਫੈਸਲੇ ਸਨ। ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ,ਰਾਜਗੁਰੂ ਤੇ ਸੁਖਦੇਵ ਦੀ ਹੁਸੈਨੀਵਾਲਾ ਵਿਖੇ ਯਾਦਗਾਰ ਬਣਵਾਈ। ਗਿਆਨੀ ਜੀ ਨੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੀ ਕੁਰਬਾਨੀ ਨੂੰ ਸੀਸ ਝੁਕਾਦਿਆਂ ਉਸ ਦੀ ਮਾਤਾ ਸ੍ਰੀਮਤੀ ਵਿੱਦਿਆਵਤੀ ਨੂੰ ‘ਪੰਜਾਬ ਮਾਤਾ’ ਦੇ ਖ਼ਿਤਾਬ ਨਾਲ ਸਨਮਾਨਿਆ।ਉਹਨਾਂ ਦੀ ਮੌਤ ਉਪਰੰਤ ਅੰਤਮ ਸੰਸਕਾਰ ਵੀ ਸਰਕਾਰੀ ਸਨਮਾਨਾਂ ਹੁਸੈਨੀਵਾਲਾ ਵਿਖੇ ਕਰਕੇ ਯਾਦਗਾਰ ਕਾਇਮ ਕੀਤੀ।ਕੇਂਦਰ ਸਰਕਾਰ ਵਲੋਂ ਸੁਤੰਤਰਤਾ ਸੰਗਰਾਮੀਆਂ ਨੂੰ ਸਨਮਾਨ ਲਈ “ਤਾਮਰ ਪੱਤਰ ਤੇ ਪੈਨਸ਼ਨਾਂ” ਦੇਣ ਦੀ ਸਕੀਮ ਤਿਆਰ ਕਰਨ ਵਿਚ ਗਿਆਨੀ ਜੀ ਦਾ ਵਿਸ਼ੇਸ ਯੋਗਦਾਨ ਸੀ ਕਿਉਕਿ ਉਹ ਖ਼ੁਦ ਪਰਜਾਮੰਡਲ ਲਹਿਰ ਵਿੱਚ ਸਰਗਰਮ ਰਹੇ ਸਨ। ਗਿਆਨੀ ਜੀ ਵਲੋਂ ਸੁਤੰਤਰਤਾ ਸੰਗਰਾਮ ਲਈ ਕੀਤੀਆਂ ਕੁਰਬਾਨੀਆਂ ਸਦਕਾ ਉਹ ਹਮੇਸਾ ਸੁਤੰਤਰਤਾ ਸੰਗਰਾਮੀਆਂ ਦੀ ਮਦੱਦ ਨੂੰ ਪਹਿਲ ਦਿੰਦੇ ਸਨ ਭਾਂਵੇ ਉਹ ਕਿਸੇ ਵੀ ਅਹੁੱਦੇ ਤੇ ਰਹੇ। ਉਨ੍ਹਾਂ ਦੇ ਪੁਰਾਣੇ ਸਾਥੀ ਅੱਜ ਵੀ ਉਨ੍ਹਾਂ ਦੀ ਮਿੱਤਰਤਾ ਦੀਆਂ ਕਹਾਣੀਆਂ ਫ਼ਖ਼ਰ ਨਾਲ ਸੁਣਾਉਦੇ ਹਨ।

ਗਿ1ਆਨੀ ਜੀ ਦਾ ਆਪਣੇ ਆਪ ‘ਤੇ ਪੂਰਨ ਕੰਟਰੋਲ ਸੀ। ਉਹ ਵੱਡੀ ਤੋਂ ਵੱਡੀ ਗੱਲ ਹੋਣ‘ਤੇ ਵੀ ਡੋਲਦੇ ਨਹੀ ਸਨ। ਚਾਹੇ ਮੋਗਾ ਗੋਲੀ ਕਾਂਡ ਹੋਵੇ,ਚਾਹੇ ਨਕਸਲਵਾੜੀ ਲਹਿਰ ਹੋਵੇ, ਚਾਹੇ ਐਮਰਜੈਂਸੀ ਦਾ ਸਮਾਂ ਹੋਵੇ, ਚਾਹੇ ਨੀਲਾ ਸਾਕਾ ਤਾਰਾ ਜਾਂ ਹੋਰ ਕੋਈ ਹਾਲਾਤ ਹੋਣ। ਉਨ੍ਹਾਂ ਦੇ ਕਾਰਜ਼ਕਾਲ ਦੌਰਾਨ ਲੋਕਾਂ ਨਾਲ ਕਿਸੇ ਤਰ੍ਹਾਂ ਦੀ ਜ਼ਿਆਦਤੀ ਦੀ ਕੋਈ ਘਟਨਾ ਨਹੀਂ ਮਿਲਦੀ। ਗਿਆਨੀ ਜੀ ਨੇ ਰਾਜਸੱਤਾ ਵਿੱਚ ਹੁੰਦੇ ਹੋਏ ਕਦੇ ਵੀ ਆਪਣੇ ਵਿਰੋਧੀਆਂ ਵਿਰੁੱਧ ਕੋਈ ਕਾਰਵਾਈ ਕਰਨ ਬਾਰੇ ਕਦੇ ਵੀ ਨਹੀਂ ਸੀ ਸੋਚਿਆ।ਗਿਆਨੀ ਜੀ ਨੂੰ ਵਿਰੋਧੀ ਸਿਆਸੀ ਪਾਰਟੀਆਂ ਦੇ ਕਈ ਨੇਤਾ ਆਪਣਾ ਸਿਆਸੀ ਗੁਰੂ ਸਮਝਦੇ ਸਨ ਤੇ ਲੋੜ੍ਹ ਪੈਣ ਤੇ ਸਲਾਹ ਵੀ ਲੈਂਦੇ ਸਨ।

ਗਿਆਨੀ ਜੀ ਜੰਮੇ ਪਲੇ ਮਾਲਵੇ ਦੀ ਧਰਤੀ ਤੇ ਪਿੰਡ ਸੰਧਵਾਂ ਵਿਖੇ,ਇਥੇ ਸੁਤੰਤਰਤਾ ਸੰਗਰਾਮ ਲਈ ਪਰਜਾਮੰਡਲ ਲਹਿਰ ਚਲਾਈ,ਜੇਲ੍ਹਾਂ ਕੱਟੀਆਂ ਤਸੀਹੇ ਝੱਲੇ। ਪਰ ਇਸ ਇਲਾਕੇ ਦੇ ਲੋਕਾਂ ਵਲੋਂ ਸਨਮਾਨ ਨਾ ਮਿਲਿਆ,ਅਖੀਰ ਖਾਲਸੇ ਦੇ ਜਨਮ ਅਸਥਾਨ ਸ੍ਰੀ ਆਨੰਦਪੁਰ ਸਾਹਿਬ ਤੋਂ ਚੋਣ ਲੜ੍ਹੀ ਜਿੱਤ ਪ੍ਰਾਪਤ ਕਰਕੇ ਪੰਜਾਬ ਦੀ ਵਾਂਗਡੋਰ ਸੰਭਾਲੀ। ਮੈਂਬਰ ਪਾਰਲੀਮੈਂਟ ਵੀ ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਬਣੇ,ਸ੍ਰੀ ਅਨੰਦਪੁਰ ਵਿਧਾਨ ਸਭਾ ਹਲਕਾ ਵੀ ਇਸ ਲੋਕ ਸਭਾ ਹਲਕੇ ਹੁਸ਼ਿਆਰਪੁਰ ਵਿਚ ਸਾਮਲ ਸੀ।

ਗਿਆਨੀ ਜੀ ਦਾ ਆਖਰੀ ਸਮੇਂ ਸ੍ਰੀ ਅਨੰਦਪੁਰ ਦੀ ਧਰਤੀ ਤੇ ਸ੍ਰੀ ਕੀਰਤਪੁਰ ਸਾਹਿਬ ਨੇੜੇ ਐਕਸੀਡੈਂਟ ਹੋਇਆ ਜੋ ਜਾਨਲੇਵਾ ਸਾਬਤ ਹੋਇਆ। ਅਖੀਰ ਆਪਣੀਆਂ ਮਿੱਠੀਆਂ ਯਾਦਾਂ ਛੱਡਦੇ ਹੋਏ 25 ਦਸੰਬਰ 1994 ਨੂੰ ਪੀ.ਜੀ.ਆਈ ਚੰਡੀਗੜ੍ਹ ਵਿਖੇ ਸਦੀਵੀ ਵਿਛੋੜਾ ਦੇ ਗਏ।ਉਨ੍ਹਾਂ ਦੀ ਅੰਤਮ ਇੱਛਾ ਅਨੁਸਾਰ ਸੰਸਕਾਰ ਨਵੀਂ ਦਿੱਲੀ ਵਿਖੇ ਕੀਤਾ ਗਿਆ ਸੀ।

ਕੌਮ ਦੇ ਮਹਾਨ ਵਿਅਕਤੀ ਗਿਆਨੀ ਜ਼ੈਲ ਸਿੰਘ ਨੂੰ ਨਵੀਂ ਦਿੱਲੀ ਵਿਖੇ ਜਨਮ ਦਿਨ ਤੇ ਬਰਸੀ ਦੇ ਮੌਕੇ ਪ੍ਰਮੁੱਖ ਸਕਸ਼ੀਅਤਾਂ,ਪ੍ਰਸਾਸਨਿਕ ਅਧਿਕਾਰੀਆਂ,ਉਪਾਸਕਾਂ ਤੇ ਪਰਿਵਾਰਕ ਮੈਂਬਰਾਂ ਵਲੋਂ ਸਰਧਾ ਦੇ ਫੁੱਲ ਭੇਟ ਕਰਕੇ ਉਨਾਂ ਨੂੰ ਯਾਦ ਕੀਤਾ ਜਾਂਦਾ।

ਅਜ ਫਿਰ ਗਿਆਨੀ ਜੀ ਦੇ ਪਰਿਵਾਰਕ ਮੈਂਬਰਾਂ ਵਲੋਂ ਸਿਆਸਤ ਵਿਚ ਯੋਗਦਾਨ ਪਾਇਆ ਜਾ ਰਿਹਾ, ਉਨ੍ਹਾ ਦੇ ਵੱਡੇ ਭਰਾ ਜੰਗੀਰ ਸਿੰਘ ਦਾ ਪੋਤਰਾ ਸ ਕੁਲਤਾਰ ਸਿੰਘ ਸੰਧਵਾਂ ਆਮ ਆਦਮੀ ਪਾਰਟੀ ਵਲੋਂ ਹਲਕਾ ਕੋਟਕਪੂਰਾ ਤੋਂ ਵਿਧਾਇਕ ਬਣਕੇ ਅੱਜ ਪੰਜਾਬ ਵਿਧਾਨ ਸਭਾ ਦੇ ਸਪੀਕਰ ਵਜੋਂ ਵਧੀਆ ਭੂਮਿਕਾ ਨਿਭਾ ਰਹੇ ਹਨ। ਗਿਆਨੀ ਜੀ ਦਾ ਆਪਣਾ ਪੋਤਰਾ ਇੰਦਰਜੀਤ ਸਿੰਘ ਬੱਬੂ ਅਤੇ ਦੋਹਤ ਜਵਾਈ ਸ ਸਰਵਣ ਸਿੰਘ ਚੰਨੀ ਪ੍ਰਸ਼ਾਸਨਿਕ ਸੇਵਾਵਾਂ ਨਿਭਾਉਣ ਉਪਰੰਤ ਸਿਆਸਤ ਵਿਚ ਸਰਗਰਮ ਹਨ।ਆਓ ਅਸੀਂ ਗਿਆਨੀ ਜੀ ਨੂੰ ਸਰਧਾ ਦੇ ਫੁੱਲ ਭੇਟ ਕਰਦਿਆਂ ਬਦਲਖੋਰੀ ਦੀ ਸਿਆਸਤ ਤੋਂ ਉਪਰ ਉਠਕੇ ਪੰਜਾਬ,ਪੰਜਾਬੀ ਅਤੇ ਪੰਜਾਬੀਅਤ ਦੇ ਭਲੇ ਲਈ ਮਿਲਜੁਲ ਕੇ ਕੰਮ ਕਰੀਏ।ਗਿਆਨੀ ਜ਼ੈਲ ਸਿੰਘ ਨੇ ਆਪਣੇ ਜੀਵਨ ਦੌਰਾਨ ਧਾਰਮਿਕ ਨਿਰਪੱਖਤਾ,ਮਨੁੱਖਤਾ ਨਾਲ ਪਿਆਰ, ਪੰਜਾਬ ਤੇ ਪੰਜਾਬੀਆਂ ਦੇ ਵਿਕਾਸ ਲਈ ਹਮੇਸਾ ਯਤਨ ਕੀਤਾ।







# ਇੱਲਾਂ ਦਾ ਘਟਣਾ ਵਾਤਾਵਰਣ ਲਈ ਨੁਕਸਾਨਦਾਇਕ

ਕਈ ਦੂਜੇ ਪੰਛੀਆਂ ਦੀ ਤਰ੍ਹਾਂ ਇੱਲਾਂ ਵੀ ਕਦੇ ਸਾਡੇ ਚੌਗਿਰਦੇ ਦਾ ਅਨਿੱਖੜਵਾਂ ਅੰਗ ਹੁੰਦੀਆਂ ਸਨ। ਇਹ ਵੀ ਸੱਚ ਹੈ ਕਿ ਆਸਮਾਨ ਵਿੱਚ ਚੱਕਰ ਲਗਾਉਂਦੀਆਂ ਇੱਲਾਂ ਦੀ ਡਾਰ ਨੂੰ ਬਦਸ਼ਗਨੀ ਮੰਨਿਆ ਜਾਂਦਾ ਸੀ। ਇਹ ਮਰੇ ਹੋਏ ਪਸ਼ੂਆਂ ਦਾ ਗਲਿਆ ਸੜਿਆ ਮਾਸ ਖਾਂਦੀਆਂ ਹਨ। ਇਸ ਲਈ ਆਮ ਲੋਕਾਂ ਵੱਲੋਂ ਇਨ੍ਹਾਂ ਨੂੰ ਚੰਗਾ ਨਹੀਂ ਸੀ ਸਮਝਿਆ ਜਾਂਦਾ ਪਰ ਪਿਛਲੇ ਸਾਲਾਂ ਵਿੱਚ ਹੋਈਆਂ ਵਿ-ਗਆਨਕ ਖੋਜਾਂ ਨੇ ਮਨੁੱਖ ਨੂੰ ਆਪਣੀ ਸੋਚ ਬਦਲਣ ਲਈ ਪ੍ਰੇਰਿਤ ਕੀਤਾ ਹੈ। ਵਾਤਾਵਰਨ ਮਾਹਿਰਾਂ ਦੀਆਂ ਇਨ੍ਹਾਂ ਖੋਜਾਂ ਨੇ ਆਮ ਲੋਕਾਂ ਨੂੰ ਇਹ ਸੋਚਣ ਲਈ ਮਜਬੂਰ ਕਰ ਦਿੱਤਾ ਹੈ ਕਿ ਇਹ ਮਾਸਖੋਰ ਪੰਛੀ ਸ਼ਹਿਰਾਂ ਅਤੇ ਪਿੰਡਾਂ ਦੇ ਬਾਹਰ ਖੁੱਲ੍ਹੀਆਂ ਥਾਵਾਂ ਖ਼ਾਸਕਰ ਹੱਡਾ-ਰੋੜੀ ਉੱਤੇ ਮਰੇ ਹੋਏ ਪਸ਼ੂਆਂ ਦਾ ਮਾਸ ਖਾ ਕੇ ਸਾਡੇ ਵਾਤਾਵਰਨ ਨੂੰ ਸਾਫ਼ ਹੀ ਨਹੀਂ ਕਰਦੇ ਸਗੋਂ ਕੁਦਰਤੀ ਵਿਭਿੰਨਤਾ ਦੇ ਸੰਤੁਲਨ ਨੂੰ ਵੀ ਬਣਾਈ ਰੱਖਦੇ ਹਨ। ਦੱਸਣਯੋਗ ਹੈ ਕਿ ਸੰਨ 1980 ਤੱਕ ਇਕੱਲੇ ਭਾਰਤ ਵਿੱਚ ਹੀ ਇੱਲਾਂ ਦੀ ਅੰਦਾਜ਼ਨ ਗਿਣਤੀ 4 ਕਰੋੜ ਦੇ ਕਰੀਬ ਸੀ ਜੋ ਕਿ 2007 ਵਿੱਚ ਘਟ ਕੇ ਇੱਕ ਲੱਖ ਦੇ ਕਰੀਬ ਰਹਿ ਗਈ ਸੀ।

ਇੱਕ ਦਿਲਚਸਪ ਘਟਨਾ ਨੇ ਵਾਤਾਵਰਨ ਵਿਗਿਆਨੀਆਂ ਨੂੰ ਸੁਚੇਤ ਕੀਤਾ ਹੈ ਜੋ ਰਾਜਸਥਾਨ ਦੇ ਇਲਾਕੇ ਭਰਤਪੁਰ ਦੀ ਹੈ। ਇੱਥੋਂ ਦੇ ਮਸ਼ਹੂਰ ਕੀਓਲਾਡੋ ਕੌਮੀ ਪਾਰਕ ਦੇ ਇੱਕ ਪ੍ਰਮੁੱਖ ਵਿਗਿਆਨੀ ਨੇ ਨੋਟ ਕੀਤਾ ਕਿ ਪਾਰਕ ਵਿਚਲੇ ਸਾਢੇ ਤਿੰਨ ਸੌ ਦੇ ਕਰੀਬ ਪੰਛੀ ਥੋੜ੍ਹੇ ਹੀ ਸਮੇਂ ਵਿੱਚ ਸਾਰੇ ਦੇ ਸਾਰੇ ਬਿਨਾਂ ਕਿਸੇ ਕਾਰਨ ਮਰ ਗਏ। ਕੰਨ ਖੜ੍ਹੇ ਕਰ ਦੇਣ ਵਾਲੀ ਇਸ ਘਟਨਾ ਨੇ ਦੇਸ਼ ਭਰ ਦੇ ਵਿਗਿਆਨੀਆਂ ਦਾ ਧਿਆਨ ਇੱਲਾਂ ਦੀ ਲਗਾਤਾਰ ਘਟ ਰਹੀ ਆਬਾਦੀ ਵੱਲ ਖਿੱਚਿਆ। ਇਨ੍ਹਾਂ ਮਾਸਖੋਰ ਪੰਛੀਆਂ ਦੀ ਤੇਜ਼ੀ ਨਾਲ ਘਟ ਰਹੀ ਆਬਾਦੀ ਦਾ ਕਾਰਨ ਮਾਹਿਰਾਂ ਦੀ ਸਮਝ ਤੋਂ ਪਰ੍ਹੇ ਸੀ। ਲੰਮੇ ਸਮੇਂ ਤੱਕ ਕੀਤੀਆਂ ਖੋਜਾਂ ਤੋਂ ਪਤਾ ਲੱਗਾ ਕਿ ਜਿਨ੍ਹਾਂ ਪਸ਼ੂਆਂ ਨੂੰ ਮਰਨ ਤੋਂ ਪਹਿਲਾਂ ਇਲਾਜ ਦੌਰਾਨ ਡਾਈਕਲੋਫਿਨੇਕ



ਨਾਂ ਦੀ ਦਵਾਈ ਦਿੱਤੀ ਗਈ ਸੀ ਉਨ੍ਹਾਂ ਦਾ ਮਾਸ ਖਾਣ ਕਰਕੇ ਇੱਲਾਂ ਮਰ ਜਾਂਦੀਆਂ ਸਨ। ਇਹੋ ਹੀ ਇਨ੍ਹਾਂ ਦੀ ਆਬਾਦੀ ਦੇ ਘਟਣ ਦਾ ਵੱਡਾ ਕਾਰਨ ਸੀ।

ਸਾਲ 1992 ਤੋਂ 2007 ਤੱਕ ਪੰਦਰਾਂ ਸਾਲ੍ਹਾਂ ਦੇ ਸਮੇਂ ਦੌਰਾਨ ਕੀਤੇ ਗਏ ਇੱਕ ਸਰਵੇਖਣ ਅਨੁਸਾਰ ਇੱਲਾਂ ਦੀ ਕੁੱਲ ਆਬਾਦੀ ਦਾ 97 ਫ਼ੀਸਦੀ ਹਿੱਸਾ ਮੌਤ ਦੇ ਮੂੰਹ ਵਿੱਚ ਜਾ ਚੁੱਕਾ ਸੀ। ਭਾਰਤ ਵਿੱਚ ਮਿਲਦੀਆਂ ਨੌਂ ਪ੍ਰਜਾਤੀਆਂ ਵਿੱਚੋਂ ਲੰਮੀ ਚੁੰਝ ਵਾਲੀ, ਪਤਲੀ ਚੁੰਝ ਵਾਲੀ ਅਤੇ ਚਿੱਟੀ ਗਰਦਨ ਵਾਲੀਆਂ ਤਿੰਨ ਪ੍ਰਜਾਤੀਆਂ ਦੀ ਗਿਣਤੀ ਤਾਂ ਖ਼ਤਰਨਾਕ ਪੱਧਰ ਤੱਕ ਡਿੱਗ ਚੁਕੀ ਸੀ। ਵਾਤਰਵਰਨ ਨੂੰ ਸਵੱਛ ਰੱਖਣ ਵਿੱਚ ਇਨ੍ਹਾਂ ਇੱਲਾਂ ਦੇ ਯੋਗਦਾਨ ਨੂੰ ਕੁਝ ਸਾਲ ਪਹਿਲਾਂ ਤੱਕ ਕੋਈ ਮਹੱਤਤਾ ਨਹੀਂ ਦਿੱਤੀ ਜਾਂਦੀ ਰਹੀ ਸੀ ਪਰ ਹੁਣ ਉਨ੍ਹਾਂ ਵੱਲੋਂ ਪਾਏ ਯੋਗਦਾਨ ਦੀ ਸਮਝ ਆਉਣ ਲੱਗੀ ਹੈ। ਇੱਥੇ ਇਹ ਵੀ ਜਾਣਨਯੋਗ ਹੈ ਕਿ ਪਾਰਸੀ ਸਮਾਜ ਦੇ ਲੋਕ ਮਰਨ ਤੋਂ ਬਾਅਦ ਮ੍ਰਿਤਕ ਦੇਹਾਂ ਨੂੰ ਇੱਲਾਂ ਦੇ ਖਾਣ ਲਈ ਛੱਡ ਦਿੰਦੇ ਹਨ। ਇਨ੍ਹਾਂ ਪੰਛੀਆਂ ਦੀ ਗਿਣਤੀ ਘਟਣ ਨਾਲ ਉਨ੍ਹਾਂ ਲਈ ਵੀ ਮਨੁੱਖ ਦੇ ਮਰਨ ਤੋਂ ਬਾਅਦ ਦੀਆਂ ਰਸਮਾਂ ਨਿਭਾਉਣਾ ਮੁਸ਼ਕਲ ਹੋ ਚੁੱਕਾ ਹੈ। ਵਿਸ਼ੇਸ਼ ਤੌਰ ’ਤੇ ਧਿਆਨ ਦੇਣ ਯੋਗ ਗੱਲ ਇਹ ਹੈ ਕਿ ਹੱਡਾਰੋੜੀ ਉੱਤੇ ਖਿਲਰਿਆ ਹੋਇਆ ਪਸ਼ੂਆਂ ਦਾ ਗਲਿਆ-ਸੜਿਆ ਮਾਸ ਐਂਥਰੈਕਸ, ਹੈਜ਼ਾ, ਟੀ.ਬੀ., ਹਲਕਾਅ ਅਤੇ ਭੋਜਨ ਨੂੰ ਜ਼ਹਿਰੀਲਾ ਬਣਾਉਣ ਵਾਲੇ ਕੀਟਾਣੂਆਂ ਨਾਲ ਭਰਪੂਰ ਹੁੰਦਾ ਹੈ ਜਿਸ ਨੂੰ ਖ਼ਤਮ ਕਰਨ ਲਈ ਲੋੜੀਂਦੇ ਤੇਜ਼ਾਬ ਇੱਲਾਂ ਦੇ ਢਿੱਡ ਵਿੱਚ ਕੁਦਰਤੀ ਤੌਰ ’ਤੇ ਮੌਜੂਦ ਹੁੰਦੇ ਹਨ। ਇਸ ਤਰ੍ਹਾਂ ਇਹ ਮਾਸ ਖਾ ਕੇ ਆਪਣੀ ਭੁੱਖ ਵੀ ਮਿਟਾਉਂਦੀਆਂ ਹਨ ਅਤੇ ਵਾਤਾਵਰਨ ਨੂੰ ਉਕਤ ਭਿਆਨਕ ਬਿਮਾਰੀਆਂ ਤੋਂ ਮੁਕਤ ਵੀ ਕਰਦੀਆਂ ਹਨ। ਇਨ੍ਹਾਂ ਦੀ ਆਬਾਦੀ ਘਟਣ ਨਾਲ ਹਿੰਸਕ ਕੁੱਤਿਆਂ ਦੀ ਗਿਣਤੀ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਹੈ ਜਿਸ ਕਾਰਨ ਕੁੱਤਿਆਂ ਵੱਲੋਂ ਮਨੁੱਖਾਂ ਉੱਤੇ ਹਮਲਾ ਕਰਨ ਦੀਆਂ ਘਟਨਾਵਾਂ ਅਕਸਰ ਸੁਣਨ ਨੂੰ ਮਿਲਦੀਆਂ ਹਨ। ਕਈ ਵਾਰ ਤਾਂ ਇਨ੍ਹਾਂ ਵੱਲੋਂ ਬੱਚਿਆਂ ਨੂੰ ਨੋਚ ਖਾਣ ਦੀਆਂ ਦਿਲ ਕੰਬਾਉਣ ਵਾਲੀਆਂ ਗੱਲਾਂ ਵੀ ਸੁਣਨ ਨੂੰ ਮਿਲਦੀਆਂ ਹਨ। ਇੱਥੇ ਇਹ ਵੀ ਜਾਣਨਯੋਗ ਹੈ ਕਿ ਹਲਕੇ ਕੁੱਤਿਆਂ ਦੁਆਰਾ ਕੱਟੇ ਜਾਣ ਨਾਲ ਹਲਕਾਅ ਦੀਆਂ ਘਟਨਾਵਾਂ ਵੀ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਵਧ ਗਈਆਂ ਹਨ। ਇੱਕ ਸਰਵੇਖਣ ਅਨੁਸਾਰ ਸਾਲ 1992 ਅਤੇ ਸਾਲ 2006 ਦੇ ਸਮੇਂ ਦੌਰਾਨ ਤਕਰੀਬਨ 48,000 ਲੋਕਾਂ ਦੀਆਂ ਹਲਕਾਅ ਕਾਰਨ ਹੀ ਮੌਤਾਂ ਹੋਈਆਂ ਹਨ ਜਿਨ੍ਹਾਂ ਨੂੰ ਬਚਾਇਆ ਜਾ ਸਕਦਾ ਸੀ।

ਵਿਸ਼ਵ ਭਰ ਦੇ ਵਿਗਿਆਨੀ ਇਸ ਗੱਲ ਨੂੰ ਲੈ ਕੇ ਫ਼ਕਿਰਮੰਦ ਹਨ ਕਿ ਹੱਡਾਰੋੜੀ ਨੂੰ ਖ਼ਤਮ ਕਰਨ ਵਾਲੀਆਂ ਇੱਲਾਂ ਦੀ ਆਬਾਦੀ ਘਟਣ ਕਰਕੇ ਮਨੁੱਖ ਵੱਸੋਂ ਵਿੱਚ ਭਿਆਨਕ ਬਿਮਾਰੀਆਂ ਫੈਲ ਸਕਦੀਆਂ ਹਨ ਜੋ ਕਿ ਕਿਸੇ ਵੇਲੇ ਵੀ ਮਹਾਮਾਰੀ ਦਾ ਰੂਪ ਧਾਰਨ ਕਰ ਸਕਦੀਆਂ ਹਨ। ਜਾਨਵਰਾਂ ਤੋਂ ਮਨੁੱਖ ਤੱਕ ਫੈਲਣ ਵਾਲੀਆਂ ਬਿਮਾਰੀਆਂ ਦੀ ਗੱਲ ਕਰਦਿਆਂ ਕਰੋਨਾ ਮਹਾਮਾਰੀ ਨੂੰ ਵੀ ਇਸ ਨਾਲ ਜੋੜ ਕੇ ਵੇਖਿਆ ਜਾ ਸਕਦਾ ਹੈ। ਯਾਦ ਰੱਖਣ ਯੋਗ ਹੈ ਕਿ ਕਰੋਨਾ ਬਿਮਾਰੀ ਵੀ ਜਾਨਵਰਾਂ ਤੋਂ ਮਨੁੱਖ ਤੱਕ ਫੈਲੀ ਹੈ। ਸੰਸਾਰ ਭਰ ਦੇ ਵਿਗਿਆਨੀ ਅਤੇ ਛੂਤ ਦੀਆਂ ਬਿਮਾਰੀਆਂ ਦੇ ਮਾਹਿਰ ਡਾਕਟਰ ਇਸ ਗੱਲ ਨੂੰ ਲੈ ਕੇ ਬੇਹੱਦ ਚਿੰਤਤ ਹਨ ਕਿ ਜੇਕਰ ਇੱਲਾਂ ਦੀ ਆਬਾਦੀ ਇਸੇ ਤਰੀਕੇ ਨਾਲ ਘਟਦੀ ਰਹੀ ਤਾਂ ਪਸ਼ੂਆਂ ਦੇ ਗਲੇ-ਸੜੇ ਮਾਸ ਤੋਂ ਐਂਥਰੈਕਸ, ਟੀ.ਬੀ. ਅਤੇ ਬਰੂਸੈਲੋਸਿਸ ਵਰਗੀਆਂ ਬਿਮਾਰੀਆਂ ਭਿਆਨਕ ਰੂਪ ਧਾਰਨ ਕਰ ਸਕਦੀਆਂ ਹਨ। ਇਸ ਤੋਂ ਸਾਡੇ ਪਸ਼ੂਧਨ ਨੂੰ ਵੀ ਖ਼ਤਰਾ ਬਣਿਆ ਰਹੇਗਾ ਅਤੇ ਮਨੁੱਖੀ ਆਬਾਦੀ ਵੀ ਇਨ੍ਹਾਂ ਬਿਮਾਰੀਆਂ ਦੇ ਕੁਚੱਕਰ ਵਿੱਚ ਫਸ ਸਕਦੀ ਹੈ।

ਸਮੁੱਚੇ ਵਿਸ਼ਵ ਦੇ ਦੇਸ਼ਾਂ ਦੀਆਂ ਸਰਕਾਰਾਂ ਅਤੇ ਹੋਰ ਕੌਮਾਂਤਰੀ ਸੰਸਥਾਵਾਂ ਇਸ ਗੰਭੀਰ ਸਮੱਸਿਆ ਪ੍ਰਤੀ ਫ਼ਕਿਰਮੰਦ ਹਨ। ਭਾਰਤ ਸਰਕਾਰ ਨੇ ਵੀ ਸਥਿਤੀ ਦੀ ਸੰਜੀਦਗੀ ਨੂੰ ਵੇਖਦਿਆਂ ਦੇਸ਼ ਵਿੱਚ ਸੰਨ 2006 ਤੋਂ ਹੀ ਪਸ਼ੂਆਂ ਦੇ ਇਲਾਜ ਲਈ ਵਰਤੀ ਜਾਂਦੀ ਡਾਈਕਲੋਫਿਨੇਕ ਦਵਾਈ ਦੇ ਉਤਪਾਦਨ ਅਤੇ ਵਰਤੋਂ ਉੱਤੇ ਰੋਕ ਲਗਾ ਦਿੱਤੀ ਸੀ। ਇੱਥੇ ਇਹ ਵੀ ਜ਼ਿਕਰਯੋਗ ਹੈ ਕਿ ਭਾਰਤ ਸਰਕਾਰ ਵੱਲੋਂ ਸੇਵ () ਪ੍ਰੋਗਰਾਮ ਤਹਿਤ ਇੱਲਾਂ ਦੇ ਬਚਾਅ ਲਈ ਇੱਕ ਯੋਜਨਾ ਅਮਲ ਵਿੱਚ ਲਿਆਂਦੀ ਗਈ ਹੈ ਜਿਸ ਦੇ ਤਹਿਤ ਇਨ੍ਹਾਂ ਕੁਦਰਤੀ ਸਫ਼ਾਈ ਸੇਵਕਾਂ ਭਾਵ ਇੱਲਾਂ ਦੀ ਜਾਨ ਨੂੰ ਖ਼ਤਰੇ ਵਿੱਚ ਪਾਉਣ ਵਾਲੀਆਂ ਦਵਾਈਆਂ ’ਤੇ ਰੋਕ ਲਾਉਣਾ ਅਤੇ ਇਨ੍ਹਾਂ ਲਈ ਬਚਾਅ ਕੇਂਦਰ ਖੋਲ੍ਹ ਕੇ ਸੁਰੱਖਿਅਤ ਕਰਨ ਦੀ ਯੋਜਨਾ ਹੈ। ਇਹ ਦੇਰ ਨਾਲ ਚੁੱਕਿਆ ਗਿਆ ਕਦਮ ਹੈ, ਪਰ ਇਹ ਸਹੀ ਦਿਸ਼ਾ ਵੱਲ ਇੱਕ ਵਧੀਆ ਕਦਮ ਹੈ। ਉਮੀਦ ਕੀਤੀ ਜਾਣੀ ਚਾਹੀਦੀ ਹੈ ਕਿ ਇਹ ਕੁਦਰਤੀ ਸਫ਼ਾਈ ਸੇਵਕ ਇੱਕ ਵਾਰ ਫਿਰ ਖੁੱਲ੍ਹੀ ਹਵਾ ਵਿੱਚ ਉਡਾਰੀਆਂ ਮਾਰਨਗੇ ਅਤੇ ਮਨੁੱਖਤਾ ਨੂੰ ਬਚਾਈ ਰੱਖਣ ਵਿੱਚ ਵਡਮੁੱਲਾ ਯੋਗਦਾਨ ਪਾਉਂਦੇ ਰਹਿਣਗੇ।

# ਇੰਡੀਆ ਗੱਠਜੋੜ ਦਾ ਅੜਿੱਕਾ ਬਣਦਾ ਰਾਹੁਲ ਦਾ ਭਵਿੱਖ ਅਤੇ ਨੱਕ ਦੀ ਸੇਧ ਵਿੱਚ ਚੱਲੀ ਜਾਂਦੀ ਭਾਜਪਾ

ਜਤਿੰਦਰ ਪਨੂੰ ਦੀ ਕਲਮ ਤੋਂ



ਭਾਰਤ ਦਾ ਲੋਕਤੰਤਰ ਅਤੇ ਨਾਲੇ-ਸਮੁੱਚਾ ਦੇਸ਼ ਜਿਸ ਪਾਸੇ ਵਧ ਰਿਹਾ ਹੈ, ਉਸ ਤੋਂ ਲੋਕਤੰਤਰੀ ਸੋਚ ਵਾਲੇ ਲੋਕ ਖੁਸ਼ ਨਹੀਂ ਹੋ ਸਕਦੇ ਤੇ ਭਵਿੱਖ ਵਿੱਚ ਇਸ ਨਾਲ ਹੋਣ ਵਾਲੇ ਨੁਕਸਾਨ ਦੀ ਸੰਭਾਵਨਾ ਬਾਰੇ ਸੋਚਣਾ ਛੱਡ ਦੇਣਾ ਵੀ ਉਨ੍ਹਾਂ ਲਈਬੜਾ ਔਖਾ ਹੈ। ਬੀਤੇ ਦਿਨੀਂ ਪਾਰਲੀਮੈਂਟ ਤੋਂ ਜਿਸ ਤਰ੍ਹਾਂ ਰੋਜ਼ ਦੋਵਾਂ ਸਦਨਾਂ ਤੋਂ ਵਿਰੋਧੀ ਧਿਰ ਦੇ ਮੈਂਬਰ ਸਸਪੈਂਡ ਕਰੀ ਜਾਣ ਦੇ ਮਤੇ ਪਾਸ ਕਰਾਏ ਗਏ ਤੇ ਅੰਤ ਵਿੱਚ ਵਿਰੋਧੀ ਧਿਰ ਦਾ ਵੱਡਾ ਹਿੱਸਾ ਬਾਹਰ ਕੱਢ ਕੇ ਕੇਂਦਰ ਸਰਕਾਰ ਨੇ ਉਨ੍ਹਾਂ ਦੀ ਗੈਰ-ਹਾਜ਼ਰੀ ਵਿੱਚ ਕੁਝ ਬਿੱਲ ਪਾਸ ਕਰਵਾਏ, ਉਸ ਨਾਲ ਭਾਰਤੀ ਰਾਜ ਪ੍ਰਬੰਧ ਨੂੰ ਲੋਕਤੰਤਰ ਕਹਿਣਾ ਬਹੁਤ ਸਾਰੇ ਲੋਕਾਂ ਨੂੰ ਹਾਸੋਹੀਣਾ ਜਾਂ ਇੱਕ ਵਿਅੰਗ ਜਿਹਾ ਲੱਗਣ ਲੱਗ ਪਿਆ ਹੈ। ਹਾਕਮ ਧਿਰ ਇਹ ਨੌਬਤਕਿਸੇ ਤਰ੍ਹਾਂ ਟਾਲਣਾ ਚਾਹੁੰਦੀ ਤਾਂ ਏਦਾਂ ਵਾਪਰਨ ਤੋਂ ਰੋਕ ਸਕਦੀ ਸੀ। ਮੁੱਦਾ ਤਾਂ ਦੋ ਨੌਜਵਾਨਾਂ ਵੱਲੋਂ ਚੱਲਦੀ ਕਾਰਵਾਈ ਦੌਰਾਨ ਲੋਕ ਸਭਾ ਦੀ ਬਾਲਕੋਨੀ ਤੋਂ ਹਾਊਸ ਵਿੱਚ ਛਾਲਾਂ ਮਾਰਨ ਅਤੇ ਇਸ ਕਾਰਨ ਉੱਠੀ ਸੁਰੱਖਿਆ ਦੀ ਚਿੰਤਾ ਦਾ ਸੀ, ਜਿਸ ਬਾਰੇ ਪ੍ਰਧਾਨ ਮੰਤਰੀ ਜਾਂ ਗ੍ਰਹਿ ਮੰਤਰੀ ਵੇਲੇ ਸਿਰ ਬਿਆਨ ਦੇ ਕੇ ਗੱਲ ਵਧਣ ਤੋਂ ਰੋਕ ਸਕਦੇ ਸਨ। ਏਦਾਂ ਕਰਨ ਦੀ ਬਜਾਏ ਉਨ੍ਹਾਂ ਨੇ ਇਸ ਮੁੱਦੇ ਉੱਤੇ ਜਿੱਦਾਂ ਦਾ ਵਿਹਾਰ ਕੀਤਾ, ਉਸ ਤੋਂਇਹ ਪ੍ਰਭਾਵ ਬਣਨ ਲੱਗ ਪਿਆ ਕਿ ਸਰਕਾਰ ਕਿਸੇ ਕੋਤਾਹੀ ਉੱਤੇ ਪਰਦਾ ਪਾ ਕੇ ਉਸ ਨੂੰ ਢੱਕਣ ਦੇ ਯਤਨਕਰ ਰਹੀ ਹੈ। ਸ਼ਾਇਦ ਉਹ ਕਰਦੀ ਵੀ ਹੋਵੇਗੀ, ਪਰ ਜੇ ਏਦਾਂ ਕਰਨਾ ਸੀ ਤਾਂ ਵਿਰੋਧੀ ਧਿਰ ਦੀ ਜ਼ੋਰਦਾਰ ਮੰਗ ਉੱਤੇ ਉਹ ਇੱਕ ਬਿਆਨ ਜਾਰੀ ਕਰ ਕੇ ਡੰਗ ਟਪਾ ਸਕਦੀ ਸੀ। ਉਹ ਇਸ ਪਾਸੇ ਨਹੀਂ ਤੁਰੀ, ਸਗੋਂ ਇਹ ਮੰਗ ਕਰਦੇ ਵਿਰੋਧੀ ਧਿਰ ਦੇ ਮੈਂਬਰਾਂ ਨੂੰ ਅੱਗੜ-ਪਿੱਛੜ ਸਸਪੈਂਡ ਕਰ ਕੇ 'ਕਾਂਗਰਸ ਮੁਕਤ ਭਾਰਤ' ਤੋਂ ਅੱਗੇ ਵਧ ਕੇ 'ਆਪੋਜ਼ੀਸ਼ਨ ਮੁਕਤ ਪਾਰਲੀਮੈਂਟ' ਬਣਾਉਣ ਦੇ ਰਾਹ ਪੈਂਦੀ ਜਾਪਣ ਲੱਗ ਪਈ।

ਇਸ ਮੌਕੇ ਵਿਰੋਧੀ ਧਿਰ ਦੇ ਆਗੂ ਆਪਣੇ ਬਾਕੀ ਸਭ ਮੱਤਭੇਦ ਲਾਂਭੇ ਰੱਖ ਕੇ ਸਰਕਾਰ ਦੇ ਵਤੀਰੇ ਵਿਰੁੱਧ ਸਾਂਝੀ ਆਵਾਜ਼ ਚੁੱਕਦੇ ਵੇਖੇ ਗਏ। ਦੂਸਰੇ ਪਾਸੇ ਇਨ੍ਹਾਂ ਦਿਨਾਂ ਵਿੱਚ ਕਿਉਂਕਿ ਭਾਜਪਾ ਵਾਲੇ ਐੱਨ ਡੀ ਏ ਗੱਠਜੋੜ ਦਾ ਸਾਹਮਣਾ ਕਰਨ ਲਈ ਬਣਾਏ ਗਏ 'ਇੰਡੀਆ' ਗੱਠਜੋੜ ਦੀਆਂ ਮੀਟਿੰਗਾਂਚੱਲ ਰਹੀਆਂ ਸਨ, ਇਸ ਨਾਲ ਭਾਰਤ ਦੇ ਆਮ ਲੋਕਾਂ ਦਾ ਧਿਆਨ ਓਧਰ ਲੱਗਾ ਰਿਹਾ। ਹੋਣਾ ਇਹ ਚਾਹੀਦਾ ਸੀ ਕਿ ਇਸ ਵੇਲੇ ਵਿਰੋਧ ਦੀਆਂ ਸਭਨਾਂ ਧਿਰਾਂ ਦੇ ਆਗੂ ਆਪਸੀ ਸਲਾਹ ਨਾਲ ਸਰਕਾਰ ਵਿਰੁੱਧ ਸਿਆਸੀ ਹਮਲਾਵਰੀ ਲਈ ਯਤਨ ਕਰਦੇ, ਪਰ ਇਸ ਦੀ ਥਾਂ ਉਹ ਇਸ ਨਾਜ਼ਕ ਮੌਕੇ ਵੀ ਇੱਕ-ਸੁਰਤਾ ਵਿਖਾਉਣ ਜੋਗੇ ਨਹੀਂ ਨਿਕਲੇ। ਪਹਿਲਾਂਇੰਡੀਆ ਗੱਠਜੋੜ ਵੱਲੋਂ ਅਗਲੀਆਂ ਲੋਕ ਸਭਾ ਚੋਣਾਂ ਵਿੱਚ ਪ੍ਰਧਾਨ ਮੰਤਰੀ ਲਈ ਕਿਸੇ ਉਮੀਦਵਾਰ ਦਾ ਨਾਂਅ ਚੁਣਨ ਦਾ ਮੁੱਦਾ ਕਸੂਤੀ ਉਲਝਣ ਬਣ ਗਿਆ ਤੇ ਇਸ ਬਾਰੇ ਵੱਖੋ-ਵੱਖ ਸੁਰਾਂ ਨਿਕਲਦੀਆਂ ਸੁਣਾਈ ਦਿੱਤੀਆਂ। ਦੋ ਪਾਰਟੀਆਂ ਦੇ ਆਗੂਆਂ ਨੇ ਕਾਂਗਰਸ ਦੇ ਪ੍ਰਧਾਨ ਮਲਿਕਾਰਜੁਨ ਖੜਗੇ ਦਾ ਨਾਂਅ ਪੇਸ਼ ਕਰ ਦਿੱਤਾ, ਜਿਸ ਬਾਰੇ ਖੜਗੇ ਦੀ ਆਪਣੀ ਪਾਰਟੀ ਅਜੇ ਤੱਕ ਮਾਨਸਿਕ ਤੌਰ ਉੱਤੇ ਸਹਿਮਤਹੋਣ ਦਾ ਪ੍ਰਭਾਵ ਨਹੀਂ ਦੇ ਰਹੀ। ਪਾਰਟੀ ਪ੍ਰਧਾਨ ਦੀ ਪਿਛਲੀ ਚੋਣ ਵਿੱਚ ਬਿਨਾਂ ਸ਼ੱਕ ਮਲਿਕਾਰਜੁਨ ਖੜਗੇ ਨੂੰ ਉਨ੍ਹਾਂ ਪ੍ਰਧਾਨ ਬਣਾ ਲਿਆ ਸੀ, ਪਰ ਪਾਰਟੀ ਦੀ ਹਕੀਕੀ ਹਾਈ ਕਮਾਂਡ ਅਜੇ ਵੀ ਨਹਿਰੂ-ਗਾਂਧੀ ਪਰਵਾਰ ਨੂੰ ਮੰਨਿਆ ਜਾਂਦਾ ਹੈ ਤੇ ਉਸ ਪਰਵਾਰ ਦੀ ਸਾਰੀ ਟੀਮ ਰਾਹੁਲ ਗਾਂਧੀ ਤੋਂ ਬਿਨਾਂ ਕਿਸੇ ਵੀ ਹੋਰ ਨੂੰ ਏਡੀ ਪਦਵੀ ਦਾ ਉਮੀਦਵਾਰ ਨਹੀਂ ਮੰਨ ਸਕਦੀ। ਜਿਹੜੇ ਦੋ ਆਗੂਆਂ ਨੇ ਮਲਿਕਾਰ-ਜੁਨ ਖੜਗੇ ਦਾ ਨਾਂਅ ਪੇਸ਼ ਕਰ ਦਿੱਤਾ, ਉਨ੍ਹਾਂ ਵੀ ਨੰਬਰ ਬਣਾਉਣ ਦਾ ਚੱਕਰ ਗੇੜਿਆ ਸੀ, ਵਰਨਾ ਉਨ੍ਹਾਂ ਨੂੰ ਪਹਿਲਾਂ ਖੜਗੇ ਦੀ ਪਾਰਟੀ ਨਾਲ ਸਲਾਹ ਕਰ ਲੈਣੀ ਬਣਦੀ ਸੀ। ਇਸ ਨਾਲ ਕਾਂਗਰਸ ਪਾਰਟੀ ਦੇ ਅੰਦਰ ਮਲਿਕਾਰਜੁਨ ਖੜਗੇ ਨੂੰ ਉਮੀਦਵਾਰ ਮੰਨਣ ਜਾਂ ਰੱਦ ਕਰਨ ਦੀ ਦੋਚਿੱਤੀ ਪੈਦਾ ਹੋ ਗਈਅਤੇਭਾਜਪਾ ਲੀਡਰਸ਼ਿਪ ਇਸ ਦਾ ਲਾਭ ਲੈਣ ਲਈ ਪੱਬਾਂ ਭਾਰ ਹੋ ਤੁਰੀਸੀ। ਕਾਂਗਰਸ ਹਾਈ ਕਮਾਂਡ ਇਹ ਗੱਲ ਮੰਨ ਲਵੇ ਤਾਂ ਪੁੱਤਰ ਮੋਹ ਵਿੱਚ ਫਸੀ ਹੋਈ ਸੋਨੀਆ ਗਾਂਧੀ ਨੂੰ ਰਾਹੁਲ ਗਾਂਧੀ ਦਾ ਕੋਈ ਭਵਿੱਖ ਨਹੀਂ ਦਿੱਸਦਾ ਤੇ ਜੇ ਕਾਂਗਰਸ ਨਾ ਮੰਨੇਗੀ ਤਾਂ ਸਾਰੇ ਦੇਸ਼ ਵਿੱਚ ਇਹ ਪ੍ਰਭਾਵ ਜਾਵੇਗਾ ਕਿ ਇੱਕ ਦਲਿਤ ਆਗੂ ਨੂੰ ਸਿਰਫ ਮੋਹਰਾ ਬਣਾ ਕੇਵਰਤਦੇ ਹਨ, ਵੱਡੀ ਕੁਰਸੀ ਲਾਇਕਨਹੀਂ ਮੰਨਦੇ।ਦੂਸਰੇ ਪਾਸੇ ਕੁਝ ਹੋਰ ਆਗੂ ਪ੍ਰਧਾਨ ਮੰਤਰੀ ਅਹੁਦੇ ਵਾਸਤੇ ਉਮੀਦਵਾਰ ਬਣਨ ਲਈ ਕਾਹਲੇ ਜਾਪਦੇ ਹੈ, ਜਿਨ੍ਹਾਂ ਵਿੱਚ ਨਿਤੀਸ਼ ਕੁਮਾਰ ਦਾ ਨਾਂਅ ਸਭ ਤੋਂ ਉੱਪਰ ਚੱਲ ਰਿਹਾ ਹੈ। ਉਸ ਦੀ ਪਾਰਟੀ ਦੇ ਇੱਕ ਆਗੂ ਨੇ ਇਹ ਗੱਲ ਕਹਿਣ ਤੋਂ ਵੀ ਝਿਜਕ ਨਹੀਂ ਵਿਖਾਈ ਕਿ ਵਿਰੋਧੀ ਧਿਰ ਦੇ ਉਮੀਦਵਾਰ ਵਜੋਂ ਨਿਤੀਸ਼ ਕੁਮਾਰ ਹੀ ਇਸਅਹੁਦੇ ਦੇ ਯੋਗ ਹੈ, 'ਖੜਗੇ-ਫੜਗੇ' ਕਿਸੇ ਦਾ ਨਾਂਅ ਵੀ ਲੋਕ ਨਹੀਂ ਜਾਣਦੇ। ਏਦਾਂ ਦੀਆਂ ਗੱਲਾਂ ਨਾਲ ਵਿਰੋਧੀ ਧਿਰ ਚੰਗੇ ਸਿੱਟੇ ਕਿਵੇਂ ਕੱਢ ਸਕੇਗੀ?

ਦੂਸਰੀ ਗੱਲ ਇਹ ਕਿ ਇਸ ਗੱਠਜੋੜ ਵਿੱਚ ਨਿਤੀਸ਼ ਕੁਮਾਰ ਵਰਗੇ ਜਿਹੜੇ ਆਗੂ ਗੱਠਜੋੜ ਦਾ ਮੁਹਰੈਲ ਬਣਾਏ ਜਾਣਨੂੰ ਤਾਂਘਦੇ ਹਨ, ਉਹ ਵੀ ਏਦਾਂ ਦੀ ਗੱਲ ਕਹਿਣ ਤੋਂ ਨਹੀਂ ਟਲਦੇ, ਜਿਸ ਨਾਲ ਗੱਠਜੋੜ ਦਾ ਨੁਕਸਾਨ ਹੋ ਸਕਦਾ ਹੈ। ਦਿੱਲੀ ਵਿੱਚ ਇੰਡੀਆ ਗੱਠਜੋੜ ਦੀ ਬੈਠਕਮਗਰੋਂ ਇਹ ਗੱਲ ਸੁਣੀ ਗਈ ਹੈ ਕਿ ਨਿਤੀਸ਼ ਕੁਮਾਰ ਨੇ ਹਿੰਦੀ ਨੂੰ ਸਾਰੇ ਭਾਰਤ ਦੀ ਪ੍ਰਮੁੱਖ ਭਾਸ਼ਾ ਦਾ ਦਰਜਾ ਮੰਨਣ ਦਾ ਵਿਚਾਰ ਅੱਗੇ ਵਧਾਇਆ ਹੈ। ਸਭ ਨੂੰ ਪਤਾ ਹੈ ਕਿ ਇਸ ਗੱਠਜੋੜ ਵਿੱਚ ਦੱਖਣੀ ਭਾਰਤ ਤੋਂ ਕਈ ਰਾਜਸੀ ਧਿਰਾਂ ਸ਼ਾਮਲ ਹਨ, ਤਾਮਿਲ ਨਾਡੂ ਦੀ ਸਰਕਾਰ ਚਲਾ ਰਹੀ ਡੀ ਐੱਮ ਕੇ ਪਾਰਟੀ ਇਨ੍ਹਾਂ ਵਿੱਚੋਂ ਪ੍ਰਮੁੱਖ ਧਿਰ ਹੈ ਅਤੇ ਉਨ੍ਹਾਂ ਸਾਰੇ ਰਾਜਾਂ ਵਿੱਚ ਹਿੰਦੀ ਦਾ ਵਿਰੋਧ ਭਾਰਤ ਨੂੰ ਆਜ਼ਾਦੀ ਮਿਲਣ ਦੇ ਵਕਤ ਤੋਂ ਹੁੰਦਾ ਰਿਹਾ ਹੈ। ਉਹ ਲੋਕ ਕਦੇ ਹਿੰਦੀ ਨੂੰ ਠੋਸਿਆ ਜਾਣਾ ਪਸੰਦ ਨਹੀਂ ਕਰ ਸਕਦੇ ਅਤੇ ਭਾਜਪਾ ਇਹ ਵਿਚਾਰ ਪੇਸ਼ ਕਰਨ ਤੋਂ ਕਦੇ ਕੋਈ ਮੌਕਾ ਨਹੀਂ ਖੁੰਝਦੀ। ਜਦੋਂ ਇੰਡੀਆ ਗੱਠਜੋੜ ਦੀ ਬੈਠਕ ਦੇ ਅਗਲੇ ਦਿਨ ਹੀ ਨਿਤੀਸ਼ ਕੁਮਾਰ ਦਾ ਹਿੰਦੀ ਮੋਹ ਵਾਲਾ ਇਹ ਬਿਆਨ ਆਇਆ ਤਾਂ ਨਾਲ ਇਹ ਚਰਚਾ ਚੱਲ ਪਈ ਕਿ ਉਹ ਇੱਕ ਵਾਰ ਫਿਰ ਛੜੱਪਾ ਮਾਰ ਕੇ ਨਰਿੰਦਰ ਮੋਦੀ ਦੀ ਅਗਵਾਈ ਵਾਲੇ ਐੱਨ ਡੀ ਏ ਗੱਠਜੋੜ ਨਾਲ ਮਿਲਣ ਦਾ ਰਾਹ ਕੱਢਦਾ ਪਿਆ ਹੈ। ਸ਼ਾਇਦ ਇਸ ਪਿੱਛੇ ਕਾਰਨ ਇਹ ਹੋਵੇ ਕਿ ਜਦੋਂ ਵਿਰੋਧੀ ਧਿਰ ਵਾਲੇ ਦੋ ਆਗੂਆਂ ਨੇ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਦਾ ਨਾਂਅ ਪ੍ਰਧਾਨ ਮੰਤਰੀ ਅਹੁਦੇ ਵਾਸਤੇ ਉਮੀਦਵਾਰ ਵਜੋਂ ਪੇਸ਼ ਕਰ ਦਿੱਤਾ ਤਾਂ ਨਿਤੀਸ਼ ਕੁਮਾਰ ਨੂੰ ਆਪਣਾ ਸੁਫਨਾ ਸਮੇਟਿਆ ਸਮਝ ਪੈਣ ਲੱਗ ਪਿਆ ਹੋਵੇ। ਇਨ੍ਹਾਂ ਬੇਤੁਕੀਆਂ ਗੱਲਾਂ ਨਾਲ ਪਹਿਲਾਂ ਤਿਲੰਗਾਨਾ ਦਾ ਆਗੂ ਚੰਦਰਸ਼ੇਖਰ ਰਾਉ ਇੰਡੀਆ ਗੱਠਜੋੜ ਦੇ ਨੇੜੇ ਆਉਂਦਾ ਪਿੱਛੇ ਹਟ ਗਿਆ ਸੀ ਅਤੇ ਫਿਰ ਨਤੀਜੇ ਵਜੋਂ ਉਸ ਰਾਜ ਵਿੱਚ ਲੋਕਾਂ ਦੇ ਮਨਾਂ ਤੋਂਲਹਿ ਗਿਆ ਹੈ।

ਤੀਸਰਾ ਮੁੱਦਾ ਵੱਖ-ਵੱਖ ਰਾਜਾਂ ਵਿੱਚ ਇੰਡੀਆ ਗੱਠਜੋੜ ਦੀਆਂ ਧਿਰਾਂ ਵਿਚਾਲੇ ਸੀਟ-ਵੰਡ ਦਾ ਹੈ। ਇਸ ਵਿੱਚ ਦਿੱਲੀ ਅਤੇ ਪੰਜਾਬ ਦੋ ਰਾਜਾਂ ਦੀ ਸਿਆਸੀ ਹਾਲਤ ਸਭ ਤੋਂ ਵੱਡਾ ਅੜਿੱਕਾ ਬਣ ਰਹੀ ਹੈ। ਆਮ ਆਦਮੀ ਪਾਰਟੀ ਬੇਸ਼ੱਕ ਪੰਜਾਬ ਵਿੱਚ ਕਾਂਗਰਸ ਤੋਂ ਇਸ ਵਕਤ ਤਕੜੀ ਹੋਣ ਦੇ ਬਾਵਜੂਦ ਕੁਝ ਲਚਕ ਵਿਖਾ ਰਹੀ ਹੈ, ਕਾਂਗਰਸ ਦੇ ਆਗੂਆਂ ਦਾ ਵੱਡਾ ਹਿੱਸਾ ਇਸ ਰਾਜ ਵਿੱਚ ਇਸ ਪਾਰਟੀ ਨਾਲ ਸਮਝੌਤੇ ਦੇ ਖੁੱਲ੍ਹਮ-ਖੁੱਲ੍ਹਾ ਖਿਲਾਫ ਬੋਲ ਰਿਹਾ ਹੈ। ਇਹ ਹਾਲਤ ਦਿੱਲੀ ਵਿੱਚ ਵੀ ਹੈ, ਜਿੱਥੇ ਕਾਂਗਰਸ ਦੇ ਕਿਸੇ ਸਮੇਂ ਵਜ਼ੀਰੀਆਂ ਮਾਣ ਚੁੱਕੇ ਆਗੂ ਇਸ ਵੇਲੇ ਨਾ ਆਪਣੇ ਪੈਰਾਂ ਸਿਰ ਖੜੇ ਹੋਣ ਦੀ ਸਥਿਤੀ ਵਿੱਚ ਹਨ ਤੇ ਨਾ ਆਮ ਆਦਮੀ ਪਾਰਟੀ ਨਾਲ ਸਮਝੌਤਾ ਕਰਨ ਲਈ ਤਿਆਰ ਹਨ। ਏਦਾਂ ਦੀ ਹਾਲਤ ਕੁਝ ਹੋਰ ਕੁਝ ਰਾਜਾਂ ਵਿੱਚ ਕੁਝ ਹੋਰ ਪਾਰਟੀਆਂ ਦੀ ਵੀ ਸੁਣੀਂਦੀ ਹੈ, ਜਿਸ ਕਾਰਨ ਭਾਰਤੀ ਜਨਤਾ ਪਾਰਟੀ ਦੀ ਲੀਡਰਸ਼ਿਪ ਸੋਚਦੀ ਹੈ ਕਿ ਏਹੋ ਜਿਹੇ ਮੱਤਭੇਦਾਂ ਦੀ ਸ਼ਿਕਾਰ ਵਿਰੋਧੀ ਧਿਰ ਨੂੰ ਕੁੱਟਣਾ ਉਸ ਲਈ ਔਖਾ ਨਹੀਂ ਹੋਣ ਲੱਗਾ।

ਐਨ ਇਸ ਮੌਕੇ ਜਦੋਂ ਇੰਡੀਆ ਗੱਠਜੋੜ ਦੇ ਆਗੂ ਪਾਰਲੀਮੈਂਟ ਤੋਂ ਵਿਰੋਧੀ ਧਿਰ ਦੇ ਮੈਂਬਰਾਂ ਦੀ ਸਸਪੈਂਸ਼ਨ ਨੂੰ ਵੱਡਾ ਮੁੱਦਾ ਬਣਾਉਣ ਤੇ ਇਸ ਨੂੰ 'ਲੋਕਤੰਤਰ ਦੀ ਹੱਤਿਆ' ਵਜੋਂ ਪ੍ਰਚਾਰਨ ਦੇ ਮੂਡ ਵਿੱਚ ਸਨ ਤਾਂ ਭਾਜਪਾ ਆਗੂਆਂ ਨੇ ਭਾਰਤੀ ਪਾਰਲੀਮੈਂਟ ਵਿੱਚ ਮੈਂਬਰਾਂ ਨੂੰ ਸਸਪੈਂਡ ਕੀਤੇ ਜਾਣ ਦਾ ਰਿਕਾਰਡ ਚੇਤੇ ਕਰਵਾ ਦਿੱਤਾ ਹੈ। ਉਹ ਰਾਜੀਵ ਗਾਂਧੀ ਦੇ ਵਕਤ ਤਰੇਹਠ ਮੈਂਬਰਾਂ ਨੂੰ ਪਾਰਲੀਮੈਂਟ ਤੋਂ ਸਸਪੈਂਡ ਕਰ ਦੇਣ ਦੀ ਕਹਾਣੀ ਚੇਤੇ ਕਰਵਾ ਕੇਕਹਿੰਦੇ ਹਨ ਕਿ ਓਦੋਂ ਇੰਦਰਾ ਗਾਂਧੀ ਕਤਲ ਕੇਸ ਦੀ ਰਿਪੋਰਟ ਪੇਸ਼ ਕਰਨ ਦੀ ਮੰਗ ਠੁਕਰਾ ਕੇ ਪਾਰਲੀਮੈਂਟ ਮੈਂਬਰਾਂ ਨੂੰ ਸਸਪੈਂਡ ਕੀਤਾ ਗਿਆ ਸੀ। ਕਿਉਂਕਿ ਕਾਂਗਰਸ ਪਾਰਟੀ ਨੇ ਦੇਸ਼ ਦੀ ਆਜ਼ਾਦੀ ਤੋਂ ਬਾਅਦ ਸਭ ਤੋਂ ਲੰਮਾ ਸਮਾਂ ਵੀ ਰਾਜ ਕੀਤਾ ਹੈ ਅਤੇ ਸਭ ਤੋਂ ਪਹਿਲਾਂ ਰਾਜ ਕਰਨ ਦਾ ਗੁਣਾ ਵੀ ਓਸੇ ਦਾ ਪਿਆ ਸੀ, ਇਸ ਲਈ ਦੇਸ਼ ਵਿੱਚ ਪਾਰਲੀਮੈਂਟ ਮੈਂਬਰ ਸਸਪੈਂਡ ਕਰਨ ਦਾ ਮੁੱਢ ਵੀ ਓਸੇ ਦੇ ਵਕਤ ਬੱਝਾ ਹੋਣ ਦਾ ਰਿਕਾਰਡ ਮੌਜੂਦ ਹੈ। ਇਸ ਦੇਸ਼ ਦੇ ਇਤਹਾਸ ਵਿੱਚ ਪਹਿਲੀ ਵਾਰੀ ਸ਼ਾਇਦ ਜਵਾਹਰ ਲਾਲ ਨਹਿਰੂ ਦੇ ਰਾਜ ਵੇਲੇ1962 ਵਿੱਚ ਰਾਜ ਸਭਾ ਦੇ ਮੈਂਬਰ ਗੋਡੇ ਮੁਰਾਹਾਰੀ ਨੂੰ ਸਸਪੈਂਡ ਕੀਤਾ ਗਿਆ ਤੇ ਮਾਰਸ਼ਲ ਦੀ ਮਦਦ ਨਾਲ ਚੁੱਕ ਕੇ ਹਾਊਸ ਤੋਂ ਕੱਢਿਆ ਗਿਆ ਸੀ। ਇਸ ਮਗਰੋਂ ਸਤੰਬਰ 1966 ਵਿੱਚ ਗੋਡੇ ਮੁਰਾਹਾਰੀ ਤੇ ਪ੍ਰਮੁੱਖ ਖੱਬੇ ਪੱਖੀ ਪਾਰਲੀਮੈਂਟਰੀਅਨ ਕਾਮਰੇਡ ਭੂਪੇਸ਼ ਗੁਪਤਾ ਨੂੰ ਰਾਜ ਸਭਾ ਮੈਂਬਰੀ ਤੋਂ ਸਸਪੈਂਡ ਕੀਤਾ ਗਿਆ ਸੀ। ਓਸੇ ਸਾਲ ਅਗਲੇ ਮਹੀਨੇ ਬੀ ਐੱਨ ਮੰਡਲ ਨੂੰ ਰਾਜ ਸਭਾ ਤੋਂ ਸਸਪੈਂਡ ਕਰ ਕੇ ਕੱਢਿਆ ਗਿਆ ਅਤੇ ਉਸ ਪਿੱਛੋਂ ਰਾਜ ਨਾਰਾਇਣ ਵੱਖ-ਵੱਖ ਸਮੇਂ ਚਾਰ ਵਾਰੀ ਰਾਜ ਸਭਾ ਤੋਂ ਸਸਪੈਂਡ ਕੀਤਾ ਸੀ। ਫਿਰ ਵੀ ਰਾਜ ਸਭਾ ਤੋਂ ਸਸਪੈਂਡ ਕਰਨ ਦੀ ਅੱਜ ਤੱਕ ਦੀ ਸਭ ਤੋਂ ਵੱਡੀ ਕਾਰਵਾਈ ਡਾਕਟਰ ਮਨਮੋਹਨ ਸਿੰਘ ਦੀ ਸਰਕਾਰ ਦੇ ਰਾਜ ਦੌਰਾਨ ਸਾਲ 2010 ਵਿੱਚ ਹੀ ਹੋਈ ਸੀ, ਜਦੋਂ ਇਕੱਠੇ ਸੱਤ ਮੈਂਬਰ ਪਾਰਲੀਮੈਂਟ ਤੋਂ ਸਸਪੈਂਡ ਕਰ ਦਿੱਤੇ ਗਏ ਸਨ।

ਏਸੇ ਤਰ੍ਹਾਂ ਲੋਕ ਸਭਾ ਤੋਂ ਮੈਂਬਰਾਂ ਨੂੰ ਸਸਪੈਂਡ ਕੀਤੇ ਜਾਣ ਦਾ ਇਤਹਾਸ ਵੀ ਕਾਂਗਰਸੀ ਸਰਕਾਰਾਂ ਤੋਂ ਸ਼ੁਰੂ ਹੁੰਦਾ ਹੈ, ਪਰ ਨਰਿੰਦਰ ਮੋਦੀ ਸਰਕਾਰ ਹੇਠ ਜਿੰਨੇ ਮੈਂਬਰ ਦੋਵਾਂ ਹਾਊਸਾਂ ਤੋਂ ਕੁੱਲ ਮਿਲਾ ਕੇ ਇੱਕੋ ਹਫਤੇ ਵਿੱਚ ਸਸਪੈਂਡ ਕਰ ਦਿੱਤੇ ਗਏ ਹਨ, ਉਸ ਨਾਲ ਆਜ਼ਾਦੀ ਮਿਲਣ ਵਾਲੇ ਦਿਨਾਂ ਤੋਂ ਅੱਜ ਤੱਕ ਦੇ ਸਭ ਰਿਕਾਰਡ ਛੋਟੇ ਹੋ ਗਏ ਹਨ। ਵਿਰੋਧੀ ਧਿਰ ਇਸ ਹਾਲਤ ਦਾ ਸਿਆਸੀ ਲਾਭ ਉਠਾ ਸਕਦੀ ਹੈ, ਰਾਜ ਕਰਦੀ ਭਾਰਤੀ ਜਨਤਾ ਪਾਰਟੀ ਦੇ ਸਾਰੇ ਪ੍ਰਚਾਰਨੂੰ ਟੱਕਰ ਦੇਣ ਦਾ ਯਤਨ ਕਰ ਸਕਦੀ ਹੈ, ਪਰ ਇਸ ਕੰਮ ਲਈ ਵਿਰੋਧੀ ਧਿਰ ਇੱਕਮੁੱਠ ਹੋਣਾ ਜ਼ਰੂਰੀ ਹੈ। ਇਨ੍ਹਾਂ ਦੀ ਇੱਕਮੁੱਠਤਾ ਸਿਰਫ ਇੰਡੀਆ ਗੱਠਜੋੜ ਦੀ ਮੀਟਿੰਗ ਤੱਕ ਸੀਮਤ ਹੁੰਦੀ ਹੈ, ਸੂਰਜ ਡੁੱਬਣ ਤੋਂ ਪਹਿਲਾਂ ਹਰ ਕਿਸੇ ਦੀ ਜ਼ਬਾਨ ਵੱਖਰਾ ਬਿਆਨ ਦਾਗਣ ਨੂੰ ਕਾਹਲੀ ਪੈਣ ਲੱਗਦੀ ਹੈ। ਸੌ ਔਕੜਾਂ ਦੀ ਔਕੜ ਇਹ ਹੈ ਕਿ ਵਿਰੋਧੀਆਂ ਵਿੱਚੋਂ ਸਭ ਤੋਂ ਵੱਡੀ ਧਿਰ ਵਜੋਂ ਜਿਸ ਕਾਂਗਰਸ ਪਾਰਟੀ ਨੂੰ ਹਾਲਾਤ ਦੇ ਮੁਤਾਬਕ ਚੱਲਣ ਦੀ ਲੋੜ ਹੈ, ਉਹ ਹਾਲਾਤ ਦੇ ਮੁਤਾਬਕ ਨਹੀਂ, ਪਾਰਟੀ ਦਾ ਮੁੱਖ ਧੁਰਾ ਗਿਣੇ ਜਾਂਦੇ ਨਹਿਰੂ-ਗਾਂਧੀ ਪਰਵਾਰ ਦੇ ਭਵਿੱਖ ਦੀ ਲੋੜ ਬਾਰੇ ਸੋਚਦੀ ਹੈ ਤੇ ਇਹ ਭਵਿੱਖ ਉਨ੍ਹਾਂ ਨੇ ਹਾਲੇ ਵੀ ਸਿਰਫ ਰਾਹੁਲ ਗਾਂਧੀ ਦੀ ਅਗਵਾਈ ਦੇ ਸੁਫਨੇ ਨਾਲ ਟੰਗ ਰੱਖਿਆ ਹੈ। ਡਾਕਟਰ ਮਨਮੋਹਨ ਸਿੰਘ ਦੀ ਸਰਕਾਰ ਦੌਰਾਨ ਇੱਕ ਮੌਕਾ ਸੀ ਕਿ ਰਾਹੁਲ ਗਾਂਧੀ ਨੂੰ ਉਸ ਨਾਲ ਮੰਤਰੀ ਬਣਾ ਕੇ ਉਸ ਦੇ ਕੰਮਾਂ ਨਾਲ ਲੋਕਾਂ ਵਿੱਚ ਉਸ ਦਾਬਾਂ ਬਣਾਉਣ ਦਾ ਯਤਨ ਕੀਤਾ ਜਾਂਦਾ, ਪਰ ਓਦੋਂ ਰਾਹੁਲ ਨੂੰ ਇਹ ਜਾਪਣ ਲੱਗ ਪਿਆ ਸੀ ਕਿ ਅੱਜ ਤੱਕ ਜਦੋਂ ਉਸ ਪਰਵਾਰ ਦਾ ਹਰ ਬਸ਼ਰ ਸਿੱਧਾ ਪ੍ਰਧਾਨ ਮੰਤਰੀ ਬਣਿਆ ਹੈ ਤਾਂ ਏਦਾਂ ਕਰਨ ਨਾਲ ਉਸ ਦਾ ਅਕਸ ਵੀ ਪ੍ਰਭਾਵਤ ਹੋ ਜਾਵੇਗਾ। ਬਾਅਦ ਵਿੱਚ ਉਸ ਲਈ ਇਹੋ ਜਿਹਾ ਕੋਈ ਮੌਕਾ ਨਹੀਂ ਬਣਿਆ ਤੇ ਜੇ ਕਾਂਗਰਸ ਪਾਰਟੀ ਦੀ ਲੀਡਰਸ਼ਿਪ ਸੋਨੀਆ ਗਾਂਧੀ ਦੀ ਆਪਣੇ ਪੁੱਤਰ ਨੂੰ ਪ੍ਰਧਾਨ ਮੰਤਰੀ ਬਣਿਆ ਵੇਖਣ ਦੀ ਚਾਹਤ ਨਾਲ ਹੀ ਬੱਝੀ ਰਹੀ ਤਾਂ ਨਾ ਇਹ ਚਾਹਤ ਸਿਰੇ ਚੜ੍ਹਨੀ ਹੈ ਤੇ ਨਾ ਹੀ ਉਨ੍ਹਾਂ ਨੇ ਭਾਜਪਾ ਵਿਰੋਧੀ ਗੱਠਜੋੜ ਨੂੰ ਕਿਸੇ ਤਣ-ਪੱਤਣ ਲੱਗਣ ਦੇਣਾ ਹੈ। ਇਹ ਗੱਲ ਇੰਡੀਆ ਗੱਠਜੋੜ ਦੇ ਬਹੁਤ ਸਾਰੇ ਲੀਡਰ ਜਾਣਦੇ ਹਨ, ਪਰ ਕਹਿਣ ਦੀ ਹਿੰਮਤ ਕੋਈ ਨਹੀਂ ਕਰ ਰਿਹਾ ਤੇ ਕੀਤੇ ਬਿਨਾਂ ਬੁੱਤਾ ਨਹੀਂ ਸਰਨਾ। ਭਾਜਪਾ ਗਲਤ ਹੋਵੇ ਜਾਂ ਠੀਕ, ਨੱਕ ਦੀ ਸੇਧ ਵਿੱਚ ਚੱਲਦੀ ਹੈ ਤੇ ਆਪਣੇ ਨਿਸ਼ਾਨੇ ਬਾਰੇ ਸਪੱਸ਼ਟ ਹੈ, ਪਰ ਇੰਡੀਆ ਗੱਠਜੋੜ ਦੇ ਰਾਹ ਵਿੱਚ ਰਾਹੁਲ ਗਾਂਧੀ ਦਾ 'ਉੱਜਲੇ ਭਵਿੱਖ' ਦਾ ਸੁਫਨਾ ਇੱਕ ਅਣਦਿੱਸਦਾ ਅੜਿੱਕਾ ਬਣੀ ਜਾਂਦਾ ਹੈ।



